ਜਰੂਰੀ ਸੂਚਨਾ

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

78890-72071
96539-55551

Rni.PUNPUN/2022/85964

ਮਾਲਵਾ ਬਾਣੀ

E.mail. malwabani2021@gmail.com

ਸਾਲ 4 ■ ਅੰਕ 325 ■ 18 ਫਰਵਰੀ 2026 ■ ਬੁੱਧਵਾਰ ■ ਸਫ਼ੇ 6 ■ ਮੁੱਲ 2 ਰੁਪਏ ■ ਸ੍ਰੀ ਮੁਕਤਸਰ ਸਾਹਿਬ

ਪੱਤਰਕਾਰਾਂ ਦੀ ਲੋੜ ਹੈ

ਸ੍ਰੀ ਮੁਕਤਸਰ ਸਾਹਿਬ ਤੋਂ ਰੋਜਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

78890-72071
96539-55551

ਅੰਤਰਰਾਜੀ ਮੋਟਰ ਸਾਈਕਲ ਚੋਰ ਗਿਰੋਹ ਦਾ ਪਰਦਾਫਾਸ਼ : ਤਿੰਨ ਮੁਲਜ਼ਮ ਗ੍ਰਿਫ਼ਤਾਰ, 6 ਮੋਟਰਸਾਈਕਲ ਬਰਾਮਦ

ਸਿਰਸਾ, 17 ਫਰਵਰੀ (ਜਗਤਾਰ ਸਮਾਲਸਰ) ਪੁਲਿਸ ਸੁਪਰਡੈਂਟ ਦੀਪਕ ਸਹਾਰਨ ਦੇ ਨਿਰਦੇਸ਼ਾਂ ਹੇਠ ਜ਼ਿਲ੍ਹੇ ਭਰ ਵਿੱਚ ਅਪਰਾਧਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਹਿੱਸੇ ਵਜੋਂ ਇੱਕ ਵੱਡੀ ਸਫਲਤਾ ਅਧੀਨ ਜ਼ਿਲ੍ਹਾ ਪੁਲਿਸ ਨੇ ਇੱਕ ਅੰਤਰਰਾਜੀ ਮੋਟਰ ਸਾਈਕਲ ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਕਾਰਵਾਈ ਦੌਰਾਨ ਗਿਰੋਹ ਦੇ ਤਿੰਨ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਛੇ ਚੋਰੀ ਕੀਤੇ ਮੋਟਰ ਸਾਈਕਲ ਬਰਾਮਦ ਕੀਤੇ ਗਏ ਹਨ। ਡੀਐਸਪੀ ਆਦਰਸ਼ ਦੀਪ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਰਿਸ਼ਪਾਲ ਸਿੰਘ, ਸੁਖਦੇਵ ਸਿੰਘ ਅਤੇ ਬੱਬੂ ਵਾਸੀ ਸਾਬੂਆਣਾ, ਤਹਿਸੀਲ ਟਿੱਬੀ, ਜ਼ਿਲ੍ਹਾ ਹਨੂੰਮਾਨਗੜ੍ਹ (ਰਾਜਸਥਾਨ) ਵਜੋਂ ਹੋਈ ਹੈ। ਉਨ੍ਹਾਂ ਨੂੰ ਸਿਰਸਾ ਦੇ ਰਾਣੀਆ ਚੁੰਗੀ ਖੇਤਰ ਤੋਂ ਗ੍ਰਿਫ਼ਤਾਰ ਕੀਤਾ ਗਿਆ ਅਤੇ ਜਾਂਚ ਸਿਟੀ ਪੁਲਿਸ ਸਟੇਸ਼ਨ ਦੀ ਜੇਜੇ ਕਲੋਨੀ ਪੁਲਿਸ ਚੌਕੀ ਨੂੰ ਸੌਂਪੀ ਗਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਤੋਂ ਪੁੱਛਗਿੱਛ ਦੌਰਾਨ ਮਹੱਤਵਪੂਰਨ ਖੁਲਾਸੇ ਹੋਏ ਹਨ। ਦੋਸ਼ੀਆਂ ਨੇ ਸਿਰਸਾ, ਰਾਣੀਆ, ਸਦਰ ਡੱਬਵਾਲੀ ਅਤੇ ਰਾਜਸਥਾਨ ਖੇਤਰ ਵਿੱਚ ਕੁੱਲ ਛੇ ਮੋਟਰਸਾਈਕਲ ਚੋਰੀਆਂ ਕਰਨ ਦੀ ਗੱਲ ਕਬੂਲ ਕੀਤੀ ਹੈ। ਇਨ੍ਹਾਂ ਵਿੱਚੋਂ ਚਾਰ ਘਟਨਾਵਾਂ ਸਿਰਸਾ ਖੇਤਰ ਵਿੱਚ ਅਤੇ ਦੋ ਰਾਜਸਥਾਨ ਦੇ ਹਨੂੰਮਾਨਗੜ੍ਹ ਖੇਤਰ ਵਿੱਚ ਵਾਪਰੀਆਂ ਹਨ। ਇਹ ਮਾਮਲਾ ਉਦੋਂ ਸ਼ੁਰੂ ਹੋਇਆ ਜਦੋਂ ਬਲਬੀਰ ਸਿੰਘ ਪੁੱਤਰ ਮਨੋਹਰ ਸਿੰਘ, ਵਾਸੀ ਮਨਾਨਾ, ਤਹਿਸੀਲ ਮਕਰਾਨਾ, ਜ਼ਿਲ੍ਹਾ ਨਾਗੌਰ (ਰਾਜਸਥਾਨ) ਨੇ ਸਿਰਸਾ ਸਿਟੀ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਵਾਈ ਜਿਸ ਵਿੱਚ ਕਿਹਾ ਗਿਆ ਸੀ ਕਿ 12 ਫਰਵਰੀ, 2026 ਨੂੰ ਉਸਨੇ ਆਪਣਾ ਮੋਟਰਸਾਈਕਲ ਏਅਰ ਫੋਰਸ ਸਟੇਸ਼ਨ, ਸਿਰਸਾ ਦੇ ਸਾਹਮਣੇ ਖੜ੍ਹਾ ਕੀਤਾ ਸੀ। ਜਦੋਂ ਉਹ ਕੁਝ ਸਮੇਂ ਬਾਅਦ ਵਾਪਸ ਆਇਆ ਤਾਂ ਅਣਪਛਾਤੇ ਵਿਅਕਤੀਆਂ ਨੇ ਮੋਟਰਸਾਈਕਲ ਚੋਰੀ ਕਰ ਲਿਆ ਸੀ। ਸ਼ਿਕਾਇਤ ਦੇ ਆਧਾਰ 'ਤੇ ਅਣਪਛਾਤੇ ਦੋਸ਼ੀਆਂ ਵਿਰੁੱਧ ਸਿਰਸਾ ਸਿਟੀ ਪੁਲਿਸ ਸਟੇਸ਼ਨ ਵਿੱਚ ਕੇਸ ਦਰਜ ਕੀਤਾ ਗਿਆ ਅਤੇ ਜਾਂਚ ਸ਼ੁਰੂ ਕੀਤੀ ਗਈ। ਡੀਐਸਪੀ ਆਦਰਸ਼ ਦੀਪ ਸਿੰਘ ਨੇ ਦੱਸਿਆ ਕਿ ਮੋਟਰ ਸਾਈਕਲ ਚੋਰੀ ਦੀਆਂ ਵਧਦੀਆਂ ਘਟਨਾਵਾਂ ਨੂੰ ਰੋਕਣ ਲਈ, ਵਾਹਨ ਚੋਰੀ ਰੋਕੂ ਸਟਾਫ਼ ਅਤੇ ਸਿਰਸਾ ਸਿਟੀ ਪੁਲਿਸ ਸਟੇਸ਼ਨ ਦੀਆਂ ਵਿਸ਼ੇਸ਼ ਟੀਮਾਂ ਬਣਾਈਆਂ ਗਈਆਂ ਸਨ ਅਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਜਾਂਚ ਦੌਰਾਨ ਸਿਟੀ ਪੁਲਿਸ ਥਾਣਾ ਦੀ ਜੇਜੇ ਕਲੋਨੀ ਪੁਲਿਸ ਚੌਕੀ ਦੀ ਇੱਕ ਟੀਮ ਨੇ ਤਕਨੀਕੀ ਅਤੇ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਸਿਰਸਾ ਖੇਤਰ ਦੇ ਰਾਣੀਆ ਰੋਡ ਤੋਂ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ। ਗ੍ਰਿਫ਼ਤਾਰ ਮੁਲਜ਼ਮਾਂ ਵੱਲੋਂ ਦਿੱਤੀ ਗਈ ਜਾਣਕਾਰੀ 'ਤੇ ਛੇ ਚੋਰੀ ਦੇ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ। ਗਿਰੋਹ ਦੇ ਦੋ ਹੋਰ ਮੈਂਬਰਾਂ ਦੀ ਵੀ ਪਛਾਣ ਕੀਤੀ ਗਈ ਹੈ, ਅਤੇ ਪੁਲਿਸ ਟੀਮ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਉਨ੍ਹਾਂ ਦੇ ਸੰਭਾਵੀ ਟਿਕਾਣਿਆਂ 'ਤੇ ਲਗਾਤਾਰ ਛਾਪੇਮਾਰੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਅਪਰਾਧੀਆਂ ਦੇ ਅਪਰਾਧਿਕ ਰਿਕਾਰਡ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਚੋਰੀਆਂ ਦਾ ਖੁਲਾਸਾ ਹੋਣ ਦੀ ਸੰਭਾਵਨਾ ਹੈ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਨਸ਼ੇੜੀ ਹਨ ਅਤੇ ਅਕਸਰ ਆਪਣੇ ਨਸ਼ੇ ਨੂੰ ਪੂਰਾ ਕਰਨ ਲਈ ਚੋਰੀਆਂ ਕਰਦੇ ਹਨ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ।

ਮੰਗਣੀ ਤੋਂ ਬਾਅਦ 5 ਲੱਖ ਦੀ ਠੱਗੀ; ਨੌਜਵਾਨ ਨੇ ਜ਼ਹਿਰ ਪੀਤਾ, ਇਲਾਜ ਦੌਰਾਨ ਮੌਤ

ਥਾਣਾ ਸਦਰ ਮਲੋਟ 'ਚ ਮਾਮਲਾ ਦਰਜ, ਅਗਲੀ ਕਾਰਵਾਈ ਜਾਰੀ

ਮਲੋਟ, 17 ਫ਼ਰਵਰੀ (ਹਰਦੀਪ ਸਿੰਘ ਖਾਲਸਾ) ਪਿੰਡ ਬਾਮ ਦੇ 23 ਸਾਲਾ ਨੌਜਵਾਨ ਗੁਰਬਿੰਦਰ ਸਿੰਘ ਦੀ ਮੰਗਣੀ ਤੋਂ ਬਾਅਦ ਕਰੀਬ 5 ਲੱਖ ਰੁਪਏ ਦੀ ਕਥਿਤ ਠੱਗੀ ਤੋਂ ਆਹਤ ਹੋ ਕੇ ਜ਼ਹਿਰੀਲੀ ਸਪਰੇਅ ਪੀਣ ਦੇ ਮਾਮਲੇ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਘਟਨਾ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਹੈ। ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਪਰਿਵਾਰਕ ਮੈਂਬਰਾਂ ਮੁਤਾਬਕ ਗੁਰਬਿੰਦਰ ਸਿੰਘ ਪੁੱਤਰ ਗੁਰਜੰਟ ਸਿੰਘ ਦੀ ਜਾਣ-ਪਛਾਣ ਕੁਝ ਸਾਲ ਪਹਿਲਾਂ ਮਨਜੋਤ ਕੌਰ ਨਾਲ ਹੋਈ ਸੀ ਅਤੇ ਦੋਹਾਂ ਦੀ ਪਰਿਵਾਰਕ ਸਹਿਮਤੀ ਨਾਲ ਮੰਗਣੀ ਹੋ ਗਈ ਸੀ। ਦੋਸ਼ ਹੈ ਕਿ ਲੜਕੀ ਪੱਖ ਵੱਲੋਂ ਆਈਲੈਟਸ ਅਤੇ ਵਿਦੇਸ਼ ਭੇਜਣ ਦੇ ਨਾਂ 'ਤੇ ਵੱਖ-ਵੱਖ ਤਰੀਕਾਂ 'ਤੇ ਲਗਭਗ 5 ਲੱਖ ਰੁਪਏ ਲਏ ਗਏ। ਬਾਅਦ ਵਿੱਚ ਵਿਆਹ ਤੋਂ ਇਨਕਾਰ ਕਰ ਦਿੱਤਾ ਗਿਆ ਅਤੇ ਰਕਮ ਵਾਪਸ ਕਰਨ ਤੋਂ ਵੀ ਮੁਕਰ ਗਏ। ਮਾਨਸਿਕ ਤਣਾਅ ਵਿੱਚ ਆ ਕੇ ਗੁਰਬਿੰਦਰ ਸਿੰਘ ਨੇ 10 ਫ਼ਰਵਰੀ ਦੀ ਸਵੇਰ ਘਰ ਵਿੱਚ ਪਈ ਘਾਹ ਵਾਲੀ ਜ਼ਹਿਰੀਲੀ ਸਪਰੇਅ ਪੀ ਲਈ। ਪਰਿਵਾਰਕ ਮੈਂਬਰਾਂ ਵੱਲੋਂ ਉਸਨੂੰ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਇਲਾਜ ਦੌਰਾਨ ਉਸਦੀ ਮੌਤ ਹੋ ਗਈ। ਥਾਣਾ ਸਦਰ ਮਲੋਟ ਪੁਲਿਸ ਨੇ ਮ੍ਰਿਤਕ ਦੇ ਬਿਆਨ ਦੇ ਆਧਾਰ 'ਤੇ ਮਨਜੋਤ ਕੌਰ, ਉਸਦੇ ਮਾਮਾ ਗੁਰਬਿਲਾਸ ਸਿੰਘ ਅਤੇ ਮਾਮੀ ਹਰਪ੍ਰੀਤ ਕੌਰ ਵਿਰੁੱਧ ਭਾਰਤੀ ਨਿਆਂ ਸੰਹਿਤਾ ਦੀਆਂ ਸੰਬੰਧਤ ਧਾਰਾਵਾਂ ਹੇਠ ਮਾਮਲਾ ਦਰਜ ਕੀਤਾ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ। ਪੋਸਟਮਾਰਟਮ ਉਪਰੰਤ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਗਈ ਹੈ।

ਪੰਚਕੂਲਾ ਵਿੱਚ ਕਾਂਗਰਸ ਦਾ ਵਿਰੋਧ ਪ੍ਰਦਰਸ਼ਨ , ਪੁਲਿਸ ਵੱਲੋਂ ਪ੍ਰਦਰਸ਼ਨਕਾਰੀਆਂ ਤੇ ਪਾਣੀ ਦੀ ਬੁਛਾੜ

ਸੰਸਦ ਮੈਂਬਰ ਦੀਪੇਂਦਰ ਹੁੱਡਾ ਅਤੇ ਹੋਰਾਂ ਨੂੰ ਹਿਰਾਸਤ ਵਿੱਚ ਲਿਆ

ਚੰਡੀਗੜ੍ਹ, 17 ਫਰਵਰੀ (ਜਗਤਾਰ ਸਮਾਲਸਰ) ਕਾਂਗਰਸ ਨੇ ਅੱਜ ਹਰਿਆਣਾ ਪਬਲਿਕ ਸਰਵਿਸ ਕਮਿਸ਼ਨ ਦੇ ਖਿਲਾਫ ਲੰਬੇ ਸਮੇਂ ਤੋਂ ਵਿਰੋਧ ਪ੍ਰਦਰਸ਼ਨ ਕਰ ਰਹੇ ਉਮੀਦਵਾਰਾਂ ਦੇ ਸਮਰਥਨ ਵਿੱਚ ਪੰਚਕੂਲਾ ਦੇ ਸੈਕਟਰ 5 ਦੇ ਪਰੇਡ ਗਰਾਊਂਡ ਵਿੱਚ ਇੱਕ ਵੱਡਾ ਵਿਰੋਧ ਪ੍ਰਦਰਸ਼ਨ ਸ਼ੁਰੂ ਕੀਤਾ। ਹਰਿਆਣਾ ਕਾਂਗਰਸ ਦੇ ਕਈ ਸੀਨੀਅਰ ਨੇਤਾ ਮੰਗਲਵਾਰ ਨੂੰ ਵਿਰੋਧ ਸਥਾਨ 'ਤੇ ਪਹੁੰਚੇ ਅਤੇ ਪ੍ਰਦਰਸ਼ਨ ਸ਼ੁਰੂ ਕੀਤਾ। ਇਸ ਵਿਰੋਧ ਪ੍ਰਦਰਸ਼ਨ ਨੂੰ ਅੰਬਾਲਾ ਦੇ ਸੰਸਦ ਮੈਂਬਰ ਵਰੁਣ ਚੌਧਰੀ ਅਤੇ ਕਾਂਗਰਸ ਦੇ ਯੁਵਾ ਨੇਤਾ ਦੀਪੇਂਦਰ ਹੁੱਡਾ ਸਮੇਤ ਪ੍ਰਮੁੱਖ ਕਾਂਗਰਸ ਯੁਵਾ ਨੇਤਾਵਾਂ ਦਾ ਖੁੱਲ੍ਹਾ ਸਮਰਥਨ ਮਿਲਿਆ। ਉਮੀਦਵਾਰਾਂ ਦੀਆਂ ਮੰਗਾਂ ਨੂੰ ਜਾਇਜ਼ ਦੱਸਦੇ ਹੋਏ ਕਾਂਗਰਸੀ ਨੇਤਾਵਾਂ ਨੇ ਸਰਕਾਰ 'ਤੇ ਨੌਜਵਾਨਾਂ ਦੇ ਭਵਿੱਖ ਨਾਲ ਖੇਡਣ ਦਾ ਦੋਸ਼ ਲਗਾਇਆ। ਇਸ ਤੋਂ ਬਾਅਦ ਵੱਡੀ ਗਿਣਤੀ ਵਿੱਚ ਪ੍ਰਦਰਸ਼ਨਕਾਰੀਆਂ ਨੇ ਹਰਿਆਣਾ ਪਬਲਿਕ ਸਰਵਿਸ ਕਮਿਸ਼ਨ ਦੇ ਦਫਤਰ ਵੱਲ ਮਾਰਚ ਕੀਤਾ। ਵਿਰੋਧ ਪ੍ਰਦਰਸ਼ਨ ਨੂੰ ਹਿੰਸਕ ਹੁੰਦੇ ਦੇਖ ਕੇ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ। ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਬੈਰੀਕੇਡ ਲਗਾਏ ਗਏ। ਜਦੋਂ ਪ੍ਰਦਰਸ਼ਨਕਾਰੀ ਅੱਗੇ ਵਧੇ ਤਾਂ ਪੁਲਿਸ ਨੇ ਉਨ੍ਹਾਂ ਨੂੰ ਖਿੰਡਾਉਣ ਲਈ ਪਾਣੀ ਦੀਆਂ ਬੁਛਾੜਾਂ ਦੀ ਵਰਤੋਂ ਕੀਤੀ। ਇਸ ਤੋਂ ਬਾਅਦ ਕਾਂਗਰਸ ਸੰਸਦ ਮੈਂਬਰ ਦੀਪੇਂਦਰ ਅਤੇ ਸੰਸਦ ਮੈਂਬਰ ਵਰੁਣ ਚੌਧਰੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਸਵੇਰੇ ਸਵੇਰੇ, ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਅਤੇ ਨੇਤਾ ਸੈਕਟਰ 5 ਦੇ ਪਰੇਡ ਗਰਾਊਂਡ ਵਿੱਚ ਸ਼ਾਂਤੀਪੂਰਵਕ ਇਕੱਠੇ ਹੋਏ। ਸ਼ੁਰੂ ਵਿੱਚ ਸਥਿਤੀ ਸ਼ਾਂਤ ਰਹੀ ਅਤੇ ਕੋਈ ਗੜਬੜ ਨਹੀਂ ਹੋਈ। ਕਾਂਗਰਸੀ ਆਗੂਆਂ ਨੇ ਫਿਰ ਸੈਕਟਰ 4 ਵਿੱਚ ਹਰਿਆਣਾ ਲੋਕ ਸੇਵਾ ਕਮਿਸ਼ਨ ਦੇ ਦਫ਼ਤਰ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕੀਤੀ। ਪ੍ਰਸ਼ਾਸਨ ਪਹਿਲਾਂ ਹੀ ਹਾਈ ਅਲਰਟ 'ਤੇ ਸੀ ਅਤੇ ਪੰਚਕੂਲਾ ਪੁਲਿਸ ਨੇ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਸਨ। ਦਫ਼ਤਰ ਵੱਲ ਜਾਣ ਵਾਲੀਆਂ ਸੜਕਾਂ ਤੇ ਤਿੰਨ ਥਾਵਾਂ 'ਤੇ ਬੈਰੀਕੇਡ ਲਗਾਏ ਗਏ ਸਨ। ਪਾਣੀ ਦੀਆਂ ਬੁਛਾੜਾਂ ਵਾਲੀਆਂ ਗੱਡੀਆਂ ਵੀ ਤਾਇਨਾਤ ਕੀਤੀਆਂ ਗਈਆਂ ਸਨ। ਜਿਵੇਂ ਹੀ ਪ੍ਰਦਰਸ਼ਨਕਾਰੀ ਬੈਰੀਕੇਡਾਂ 'ਤੇ ਪਹੁੰਚੇ ਪੁਲਿਸ ਨੇ ਉਨ੍ਹਾਂ ਨੂੰ ਅੱਗੇ ਵਧਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ। ਸਥਿਤੀ ਤਣਾਅਪੂਰਨ ਹੋ ਗਈ ਅਤੇ ਪੁਲਿਸ ਨੇ ਪਾਣੀ ਦੀਆਂ ਬੁਛਾੜਾਂ ਦੀ ਵਰਤੋਂ ਕੀਤੀ। ਇਸ ਦੌਰਾਨ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿਚਕਾਰ ਕਾਫ਼ੀ ਸਮੇਂ ਤੱਕ ਤਣਾਅ ਬਣਿਆ ਰਿਹਾ।

ਬਾਲ ਮਜਦੂਰੀ ਖਿਲਾਫ ਟਾਸਕ ਫੋਰਸ ਦੀ ਅਚਾਨਕ ਛਾਪੇਮਾਰੀ

ਸ੍ਰੀ ਮੁਕਤਸਰ ਸਾਹਿਬ, 17 ਫਰਵਰੀ: (ਜਸਪ੍ਰੀਤ ਸਿੰਘ)- ਜਿਲ੍ਹਾ ਪੱਧਰੀ ਟਾਸਕ ਫੋਰਸ ਕਮੇਟੀ ਸ੍ਰੀ ਮੁਕਤਸਰ ਸਾਹਿਬ ਦੇ ਮੈਬਰਾਂ ਵੱਲੋਂ ਸ੍ਰੀ ਮੁਕਤਸਰ ਸਾਹਿਬ ਅਧੀਨ ਪੈਂਦੇ ਕਸਬੇ ਵਿਖੇ ਪੈਨ ਇਡੀਆ ਰੈਕਕਿਊ ਐਂਡ ਰਿਹੈਬਿਲੀਟੇਸ਼ਨ ਕੈਂਪੈਨ ਫਾਰ ਇਰੈਡੀਕੇਸ਼ਨ ਆਫ਼ ਚਾਈਲਡ ਐਂਡ ਐਡੋਲਸੈਂਟ ਲੇਬਰ ਮੁਹਿੰਮ ਦੀ ਸੁਰੂਆਤ ਕੀਤੀ ਗਈ । ਇਸ ਮੌਕੇ ਵੱਖ-ਵੱਖ ਥਾਵਾਂ ਤੇ ਅਚਾਨਕ ਛਾਪੇਮਾਰੀ ਕਰਕੇ 18 ਸਾਲਾਂ ਤੋਂ ਘੱਟ ਬਾਲ ਅਤੇ ਕਿਸ਼ੋਰ ਕਿਰਤੀਆ ਦੀ ਜਾਂਚ ਕੀਤੀ ਗਈ। ਰੇਡ ਦੌਰਾਨ ਮੇਨ ਬਜ਼ਾਰ, ਕੋਟਕਪੂਰਾ ਰੋਡ ਅਤੇ ਬਠਿੰਡਾ ਰੋਡ ਤੇ ਸਥਿੱਤ ਦੁਕਾਨਾ ਅਤੇ ਹੋਰ ਵਪਾਰਕ ਅਦਾਰਿਆਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ । ਇਹ ਕਾਰਵਾਈ ਮਾਨਯੋਗ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਅਤੇ ਕਿਰਤ ਤੇ ਸੁਲਾਹ ਅਫ਼ਸਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾ ਅਨੁਸਾਰ ਕੀਤੀ ਗਈ । ਇਸ ਦੌਰਾਨ ਸੰਬੰਧਿਤ ਦੁਕਾਨਦਾਰਾਂ ਨੂੰ ਸਖ਼ਤ ਤਾੜਨਾ ਕਰਦਿਆਂ ਭਵਿੱਖ ਵਿਚ ਬਾਲ ਜਾਂ ਕਿਸ਼ੋਰਾਂ ਨੂੰ ਖਤਰਨਾਕ ਅਦਾਰਿਆਂ ਵਿੱਚ ਕਿਰਤੀ ਨਾ ਰੱਖਣ ਦੀ ਚੇਤਾਵਨੀ ਦਿੱਤੀ ਗਈ, ਜਿਨ੍ਹਾਂ ਅਦਾਰਿਆਂ ਨੇ ਇਸ ਤਹਿਤ ਉਲੰਘਨਾ ਕੀਤੀ, ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਵੀ ਕੀਤੀ ਗਈ । ਕਿਰਤ ਇੰਸਪੈਕਟਰ ਟਿੰਕੂ ਜੈਨ ਵੱਲੋਂ ਚਾਈਲਡ ਲੇਬਰ ਐਕਟ ਅਧੀਨ ਸਜ਼ਾ ਅਤੇ ਜੁਰਮਾਨਿਆਂ ਬਾਰੇ ਜਾਣਕਾਰੀ ਦਿੱਤੀ ਗਈ । ਇਸ ਤੋਂ ਇਲਾਵਾ ਹੋਰ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਦੇ ਮਾਲਕਾਂ ਨੂੰ ਵੀ ਚਾਈਲਡ ਲੇਬਰ ਕਾਨੂੰਨ ਸਬੰਧੀ ਜਾਗੂਰਕ ਕੀਤਾ ਗਿਆ । ਇਸ ਮੌਕੇ ਕਿਰਤ ਇੰਸਪੈਕਟਰ ਟਿੰਕੂ ਜੈਨ ਅਤੇ ਉਨ੍ਹਾਂ ਨਾਲ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਸੋਹਲਪ੍ਰੀਤ ਕੌਰ ਸੀ.ਪੀ.ਓ., ਜਸਪਾਲ ਸਿੰਘ ਕਾਂਸਟੇਬਲ , ਸਿੱਖਿਆ ਵਿਭਾਗ ਤੋਂ ਜਸਕਰਨ ਸਿੰਘ , ਕਿਰਤ ਵਿਭਾਗ ਤੋਂ ਸਵਰਨਜੀਤ ਸਿੰਘ, ਕਾਨੂੰਨੀ ਸੇਵਾਵਾਂ ਅਥਾਰਟੀ ਤੋਂ ਜੀਵਨ ਸਿੰਗਲਾ ਹਾਜ਼ਰ ਸਨ।

ਵਿਆਹ ਸਮਾਗਮ 'ਚੋਂ ਪਰਤਦਿਆਂ ਅੱਗੇ ਜਾ ਰਹੇ ਨਾਮਾਲੂਮ ਟਰੱਕ ਨਾਲ ਟਕਰਾਈ ਕਾਰ, ਪਰਿਵਾਰ ਦੇ ਚਾਰ ਮੈਂਬਰ ਜਖਮੀ



ਤਪਾ ਮੰਡੀ,17 ਫਰਵਰੀ(ਬੰਟੀ ਦੀਕਸ਼ਿਤ)- ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਘੁੜੈਲੀ ਚੌਕ ਨੇੜੇ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ, ਜਿਸ ਵਿੱਚ ਇੱਕੋ ਪਰਿਵਾਰ ਦੇ ਚਾਰ ਮੈਂਬਰ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ।ਮਿਲੀ ਜਾਣਕਾਰੀ ਅਨੁਸਾਰ ਪਰਿਵਾਰ ਅਸੋਕ ਕੁਮਾਰ ਸ਼ਰਮਾ ਅਪਣੇ ਭਰਾ ਰਾਜੀਵ ਕੁਮਾਰ ਸ਼ਰਮਾ,ਪਤਨੀ ਮੀਨੂ ਕੁਮਾਰੀ ਅਤੇ ਪੁੱਤਰ ਵਿਵੇਕ ਸ਼ਰਮਾ ਨਾਲ ਨਾਭਾ ਤੋਂ ਇੱਕ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਬਾਅਦ ਬਠਿੰਡਾ ਵੱਲ ਵਾਪਸ ਪਰਤ ਰਿਹਾ ਸੀ।ਜਦੋਂ ਉਹ ਤਪਾ ਘੁੜੈਲੀ ਓਵਰਬ੍ਰਿਜ ਹੇਠਾਂ ਉਤਰ ਰਹੇ ਸਨ ਤਾਂ ਉਨ੍ਹਾਂ ਦੀ ਕਾਰ ਅੱਗੇ ਜਾ ਰਹੇ ਨਾਮਾਲੂਮ ਟਰੱਕ ਨਾਲ ਟਕਰਾ ਗਈ।ਦੱਸਿਆ ਜਾ ਰਿਹਾ ਹੈ ਕਿ ਪਿੱਛੋਂ ਆ ਰਹੀ ਤੇਜ਼ ਰਫ਼ਤਾਰ ਕਾਰ ਅਚਾਨਕ ਬੇਕਾਬੂ

ਪਾਵਰਕਾਮ ਸਰਕਲ ਰੋਪੜ ਦੇ ਪੈਨਸ਼ਨਰਾਂ ਵੱਲੋਂ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਆਪਣੀਆਂ ਮੰਗਾਂ ਸਬੰਧੀ ਕਨਵੈਂਸ਼ਨ ਕੀਤੀ

ਸਮਰਾਲਾ, 17 ਫਰਵਰੀ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)- ਪੈਨਸ਼ਨਰਜ਼ ਐਸੋਸੀਏਸ਼ਨ (ਰਜਿ.) ਪੰਜਾਬ ਦੇ ਫੈਸਲੇ ਅਨੁਸਾਰ ਸਰਕਲ ਰੋਪੜ ਦੇ ਪੈਨਸ਼ਨਰਾਂ ਵੱਲੋਂ ਸਰਕਲ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਹੇਠ ਸਰਕਲ ਦਫ਼ਤਰ ਰੋਪੜ ਵਿਖੇ ਕੈਂਨਵੈਂਸ਼ਨ ਕੀਤੀ ਗਈ। ਜਿਸ ਵਿੱਚ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਖੰਨਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਇਸ ਕੈਂਨਵੈਂਸ਼ਨ ਸਬੰਧੀ ਜਾਣਕਾਰੀ ਦਿੰਦੇ ਹੋਏ ਸਰਕਲ ਸਕੱਤਰ ਭਰਪੂਰ ਸਿੰਘ ਨੇ ਦੱਸਿਆ ਕਿ ਕੈਂਨਵੈਂਸ਼ਨ ਵਿੱਚ ਹਾਜ਼ਰ ਸਾਥੀਆਂ ਨੇ ਭਖਵੇਂ ਮਸਲਿਆਂ ਬਿਜਲੀ ਸੋਧ ਬਿੱਲ 2025 ਨੂੰ ਲਾਗੂ ਕਰਨ ਦੇ ਯਤਨ ਖਿਲਾਫ, ਚਾਰ ਲੇਬਰ ਕੋਡ ਲਾਗੂ ਕਰਨ ਦੇ ਫੈਸਲੇ ਖਿਲਾਫ, ਪੁਰਾਣੇ 29 ਨੰਬਰ ਲੇਬਰ ਕਾਨੂੰਨਾਂ ਦੀ ਬਹਾਲੀ ਲਈ, ਮਨਰੇਗਾ ਕਾਨੂੰਨ ਦੀ ਬਹਾਲੀ, ਅਮਰੀਕਾ ਨਾਲ ਕੀਤੀ ਜਾ ਰਹੀ ਵਪਾਰਕ ਸੰਧੀ ਰੱਦ ਕਰਨ ਲਈ, ਪੰਜਾਬ ਸਰਕਾਰ ਵੱਲੋਂ ਵੇਚੀਆਂ ਜਾ ਰਹੀਆਂ ਸਰਕਾਰੀ ਅਤੇ ਪਾਵਰਕਾਮ ਦੀਆਂ ਜਾਇਦਾਦਾਂ ਦੀ ਰਾਖੀ ਲਈ ਚਲ ਰਹੇ ਸਾਂਝੇ ਸੰਘਰਸ਼ ਨੂੰ ਹੋਰ ਵੀ ਵਿਸ਼ਾਲ ਅਤੇ ਤੇਜ਼ ਕਰਨ ਦੀ ਲੋੜ ਤੇ ਜ਼ੋਰ ਦਿੱਤਾ। ਇਸ ਤੋਂ ਇਲਾਵਾ ਪੈਨਸ਼ਨਰਾਂ ਦੀਆਂ ਮੰਗਾਂ 2.59 ਦੇ ਗੁਣਾਕ ਨਾਲ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 31-12-2015 ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਦੇ ਸਕੇਲਾਂ ਦੀ ਸੁਧਾਈ ਕੀਤੀ ਜਾਵੇ, ਰਹਿੰਦੇ 16 ਪ੍ਰਤੀਸ਼ਤ ਮਹਿੰਗਾਈ ਭੱਤਾ ਦੀ ਸਮੇਤ ਬਕਾਏ ਤੁਰੰਤ ਅਦਾਇਗੀ ਕੀਤੀ ਜਾਵੇ, ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਪਟਿਆਲਾ ਸਰਕਲ ਦੇ ਮੁੜ ਡਿਸਮਿਸ ਕੀਤੇ ਆਗੂ ਬਹਾਲ ਕੀਤੇ ਜਾਣ, ਸਾਰੇ ਕੱਚੇ ਅਤੇ ਆਊਟਸੋਰਸਿੰਗ ਮੁਲਾਜ਼ਮ ਪੱਕੇ ਕੀਤੇ ਜਾਣ, ਸਾਰਿਆਂ ਨੂੰ ਬਿਨ੍ਹਾਂ ਸ਼ਰਤ 23 ਸਾਲਾਂ ਪੇ ਸਕੇਲ ਦਿੱਤਾ ਜਾਵੇ, ਪੈਨਸ਼ਨਰਾਂ ਨੂੰ ਬਿਜਲੀ ਬਿੱਲ ਵਿੱਚ ਰਿਆਇਤ ਦਿੱਤੀ ਜਾਵੇ ਆਦਿ ਮੰਗਾਂ ਮੰਨਵਾਉਣ ਲਈ ਸੰਘਰਸ਼ ਨੂੰ ਬਜ਼ਟ ਸੈਸ਼ਨ ਤੋਂ ਪਹਿਲਾਂ ਹੋਰ ਤੇਜ਼ ਕੀਤਾ ਜਾਵੇ। ਕੈਂਨਵੈਂਸ਼ਨ ਵਿੱਚ ਹਰਭਜਨ ਸਿੰਘ ਮੰਡਲ ਪ੍ਰਧਾਨ ਮੋਰਿੰਡਾ, ਜਗਦੀਸ਼ ਕੁਮਾਰ ਮੰਡਲ ਸਕੱਤਰ ਮੋਰਿੰਡਾ, ਹਰਜਿੰਦਰ ਸਿੰਘ ਮੰਡਲ ਪ੍ਰਧਾਨ ਰੋਪੜ, ਕੇਸਰ ਸਿੰਘ ਮੰਡਲ ਸਕੱਤਰ ਰੋਪੜ, ਭਾਗ ਸਿੰਘ ਮੰਡਲ ਪ੍ਰਧਾਨ ਆਨੰਦਪੁਰ ਸਾਹਿਬ, ਰਾਕੇਸ਼ ਕੁਮਾਰ ਬਾਲੀ ਮੰਡਲ ਸਕੱਤਰ ਆਨੰਦਪੁਰ ਸਾਹਿਬ, ਇੰਜ. ਪ੍ਰੇਮ ਸਿੰਘ ਸੀਨੀਅਰ ਮੀਤ ਪ੍ਰਧਾਨ ਮੰਡਲ ਸਮਰਾਲਾ, ਬਰਜਿੰਦਰ ਪੰਡਿਤ ਮਜ਼ਦੂਰ ਆਗੂ, ਸੰਗਤ ਸਿੰਘ ਸੇਖੋਂ ਸਰਕਲ ਮੀਤ ਪ੍ਰਧਾਨ ਟੀ.ਐਸ.ਯੂ., ਸਰਕਲ ਆਗੂਆਂ ਅਵਤਾਰ ਸਿੰਘ ਸੀਨੀਅਰ ਮੀਤ ਪ੍ਰਧਾਨ, ਹਿੰਮਤ ਸਿੰਘ ਆਡੀਟਰ ਅਤੇ ਰਾਮ ਕਿਸ਼ਨ ਵਿੱਤ ਸਕੱਤਰ ਆਦਿ ਨੇ ਆਪਣੇ ਵਿਚਾਰ ਰੱਖੇ। ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਖੰਨਾ ਨੇ ਮੌਜੂਦਾ ਹਾਲਾਤਾਂ ਅਤੇ ਸੰਘਰਸ਼ਾਂ ਦੀ ਵਿਸਥਾਰ ਨਾਲ ਵਿਆਖਿਆ ਕੀਤੀ ਅਤੇ ਸਾਥੀਆਂ ਦੇ ਸੁਆਲਾਂ ਦੇ ਜੁਆਬ ਦਿੰਦਿਆਂ ਕਿਹਾ ਕਿ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਅਤੇ ਪੈਨਸ਼ਨਰਾਂ, ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਸੰਘਰਸ਼ਾਂ ਨੂੰ ਹੋਰ ਵੀ ਵਿਸ਼ਾਲ ਅਤੇ ਤੇਜ਼ ਕੀਤਾ ਜਾਵੇਗਾ। ਅਖੀਰ ਵਿੱਚ ਸਰਕਲ ਪ੍ਰਧਾਨ ਸਕਿੰਦਰ ਸਿੰਘ ਨੇ ਕੈਂਨਵੈਂਸ਼ਨ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਸਾਥੀਆਂ ਅਤੇ ਸੂਬਾ ਆਗੂ ਕੁਲਦੀਪ ਸਿੰਘ ਖੰਨਾ ਦਾ ਧੰਨਵਾਦ ਕਰਦਿਆਂ ਅਗਲੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਹੋਕਾ ਦਿੱਤਾ। 22 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਵਿਧਾਇਕਾਂ, ਪਾਰਲੀਮੈਂਟ ਮੈਂਬਰਾਂ ਅਤੇ ਬੀ.ਜੇ.ਪੀ. ਆਗੂਆਂ ਦੇ ਘਰਾਂ/ਦਫ਼ਤਰਾਂ ਅੱਗੇ ਦਿੱਤੇ ਜਾ ਰਹੇ ਧਰਨਿਆਂ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਮਹਾਂ ਸ਼ਿਵਰਾਤਰੀ 'ਤੇ ਸ਼ਿਵਮਈ ਹੋਇਆ ਇਲਾਕਾ, ਬਮ ਬਮ ਭੋਲੇ,ਹਰ ਹਰ ਮਹਾਦੇਵ ਦੇ ਜੈਕਾਰਿਆਂ ਨਾਲ ਗੂੰਜੇ ਮੰਦਰ

ਸਮਰਾਲਾ,17 ਫਰਵਰੀ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)- ਮਹਾਂ ਸ਼ਿਵਰਾਤਰੀ ਦੇ ਪਾਵਨ ਅਵਸਰ 'ਤੇ ਇਲਾਕੇ ਦੇ ਪ੍ਰਾਚੀਨ ਅਤੇ ਧਾਰਮਿਕ ਮਹੱਤਵ ਵਾਲੇ ਸ਼ਿਵ ਮੰਦਰਾਂ ਵਿੱਚ ਲੱਖਾਂ ਦੀ ਗਿਣਤੀ ਵਿੱਚ ਸ਼ਿਵ ਭਗਤਾਂ ਨੇ ਪਹੁੰਚ ਕੇ ਭਗਵਾਨ ਸ਼ਿਵ ਦੇ ਦਰਸ਼ਨ ਕੀਤੇ, ਗੜਵੀਆਂ ਰਾਹੀਂ ਸ਼ਿਵਲਿੰਗ 'ਤੇ ਜਲ ਅਰਪਣ ਕੀਤਾ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ। ਖ਼ਾਸ ਤੌਰ 'ਤੇ ਪ੍ਰਾਚੀਨ ਪੰਚਮੁਖੀ ਸ਼ਿਵਲਿੰਗ ਅਤੇ ਤ੍ਰਿਨੇਤਰ ਸ਼ਿਵਲਿੰਗ ਦੇ ਦਰਸ਼ਨਾਂ ਲਈ ਭਗਤਾਂ ਵਿੱਚ ਅਪਾਰ ਉਤਸ਼ਾਹ ਦੇਖਣ ਨੂੰ ਮਿਲਿਆ। ਮੰਦਰਾਂ ਵਿੱਚ ਸਾਰਾ ਦਿਨ "ਹਰ ਹਰ ਮਹਾਦੇਵ"ਦੇ ਜੈਕਾਰਿਆਂ ਨਾਲ ਮਾਹੌਲ ਭਗਤੀਮਈ ਬਣਿਆ ਰਿਹਾ। ਸ਼ਿਵਮੱਠ ਸ਼੍ਰੀ ਮੁਕਤੇਸ਼ਵਰ ਮਹਾਦੇਵ ਪ੍ਰਾਚੀਨ ਮੰਦਰ ਚਹਿਲਾਂ ਵਿੱਚ ਇਸ ਵਾਰ ਕਰੀਬ ਪੰਜ ਲੱਖ ਤੋਂ ਵੱਧ ਸ਼ਿਵ ਭਗਤਾਂ ਨੇ ਮੱਥਾ ਟੇਕਿਆ। ਮਹਾ ਸ਼ਿਵਰਾਤਰੀ ਤੋਂ ਇੱਕ ਰਾਤ ਪਹਿਲਾਂ ਹੀ ਸ਼ਨੀਵਾਰ ਰਾਤ 11 ਵਜੇ ਤੋਂ ਮੰਦਰ ਦੇ ਬਾਹਰ ਲੰਬੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਸਨ। ਰਾਤ 12 ਵਜੇ ਦੇ ਘੰਟੇ ਵੱਜਦੇ ਹੀ ਭਗਤਾਂ ਦੇ ਹੱਥਾਂ ਵਿੱਚ ਜਲ ਦੀਆਂ ਗੜਵੀਆਂ ਅਤੇ "ਜੈ ਜੈ ਸ਼ਿਵ ਸ਼ੰਕਰ"ਦੇ ਜੈਕਾਰਿਆਂ ਨਾਲ ਮੰਦਰ ਪ੍ਰੰਗਣ ਗੂੰਜ ਉਠਿਆ। ਸ਼ਰਧਾਲੂਆਂ ਨੇ ਵੱਡੀ ਸ਼ਰਧਾ ਨਾਲ ਸ਼ਿਵਲਿੰਗ 'ਤੇ ਜਲ, ਬਿਲਪਤਰ ,ਫ਼ਰੂਟ,ਦੁੱਧ ਚੜ੍ਹਾ ਕੇ ਆਸ਼ੀਰਵਾਦ ਲਿਆ। ਮੰਦਰ ਦੇ ਪ੍ਰਧਾਨ ਚੰਦਰ ਮੋਹਨ ਸ਼ਰਮਾ ਅਤੇ ਸਮਾਜਸੇਵੀ ਨਿਸ਼ੂ ਸ਼ਰਮਾ ਨੇ ਦੱਸਿਆ ਕਿ ਸਾਰਾ ਦਿਨ ਵੱਖ-ਵੱਖ ਸ਼ਹਿਰਾਂ ਅਤੇ ਜ਼ਿਲ੍ਹਿਆਂ ਤੋਂ ਭਗਤਾਂ ਦੀ ਆਵਾਜਾਈ ਜਾਰੀ ਰਹੀ ਅਤੇ ਕਈ ਪ੍ਰਸਿੱਧ ਹਸਤੀਆਂ ਵੀ ਮੱਥਾ ਟੇਕਣ ਲਈ ਪਹੁੰਚੀਆਂ।

ਮਹਾ ਸ਼ਿਵਰਾਤਰੀ ਦੇ ਮੌਕੇ ਮੰਦਰਾਂ ਵਿੱਚ ਸਵੇਰ ਤੋਂ ਹੀ ਲੰਬੀਆਂ ਲੰਬੀਆਂ ਕਤਾਰਾਂ ਲੱਗ ਗਈਆਂ। ਹਜ਼ਾਰਾਂ ਭਗਤ ਰਾਤ 12 ਵਜੇ ਤੋਂ ਹੀ ਆਪਣੀ ਵਾਰੀ ਦੀ ਉਡੀਕ ਕਰਦੇ ਰਹੇ। ਜਿਵੇਂ ਹੀ ਦਰਸ਼ਨ ਸ਼ੁਰੂ ਹੋਏ, ਮੰਦਰਾਂ ਵਿੱਚ "ਬਮ ਬਮ ਭੋਲੇ"ਅਤੇ "ਹਰ ਹਰ ਮਹਾਦੇਵ"ਦੇ ਜੈਕਾਰਿਆਂ ਨਾਲ ਆਕਾਸ਼ ਗੂੰਜ ਉਠਿਆ। ਭਗਤਾਂ ਨੇ ਗੜਵੀਆਂ ਰਾਹੀਂ ਜਲ ਅਰਪਣ ਕਰਕੇ ਸ਼ਿਵਲਿੰਗ ਦੇ ਦਰਸ਼ਨ ਕੀਤੇ ਅਤੇ ਪਰਿਵਾਰ ਦੀ ਖੁਸ਼ਹਾਲੀ ਅਤੇ ਸੁਖ-ਸਮ੍ਰਿੱਧੀ ਲਈ ਅਰਦਾਸ ਕੀਤੀ।ਇਸ ਦੌਰਾਨ ਮੰਦਰਾਂ ਦੇ ਬਾਹਰ ਵੀ ਭਗਤੀ ਦਾ ਵਿਲੱਖਣ ਦ੍ਰਿਸ਼ ਦੇਖਣ ਨੂੰ ਮਿਲਿਆ, ਜਿੱਥੇ ਭਗਤ ਭਜਨ ਗਾਉਂਦੇ ਅਤੇ ਸ਼ਿਵ ਨਾਮ ਜਪਦੇ ਰਹੇ।

ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ ਲਈ ਇੱਕ ਵਿਸ਼ੇਸ਼ ਲੈਕਚਰ ਆਯੋਜਿਤ ਕੀਤਾ ਗਿਆ

ਮਾਲੇਰਕੋਟਲਾ 17 ਫ਼ਰਵਰੀ (ਸ਼ਰਮਾ)- ਕਾਲਜ ਦੇ ਰੈੱਡ ਰਿਬਨ ਕਲੱਬ ਵੱਲੋਂ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ ਲਈ ਇੱਕ ਵਿਸ਼ੇਸ਼ ਲੈਕਚਰ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਕਾਲਜ ਦੀ ਪ੍ਰਿੰਸੀਪਲ ਪ੍ਰੋ. ਮੀਨੂ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਆਯੋਜਨਾ ਡਾ. ਦੀਪਿਕਾ ਜਿੰਦਲ ਵੱਲੋਂ ਕੀਤੀ ਗਈ। ਇਸ ਵਿਸ਼ੇਸ਼ ਲੈਕਚਰ ਦੀ ਮੁੱਖ ਵਕਤਾ ਐਸੋਸੀਏਟ ਪ੍ਰੋਫੈਸਰ (ਰਿਟ.) ਸੁਖਵਿੰਦਰ ਕੌਰ ਸਨ। ਉਨ੍ਹਾਂ ਨੇ "ਨਸ਼ਾ ਦੁਰਵਰਤੋਂ: ਕਾਰਨ, ਪ੍ਰਭਾਵ ਅਤੇ ਰੋਕਥਾਮ"ਵਿਸ਼ੇ 'ਤੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਨਸ਼ਿਆਂ ਦੇ ਮੁੱਖ ਕਾਰਨਾਂ ਵਿੱਚ ਗਲਤ ਸੰਗਤ, ਬੇਰੁਜ਼ਗਾਰੀ, ਤਣਾਅ ਅਤੇ ਜਾਗਰੂਕਤਾ ਦੀ ਘਾਟ ਨੂੰ ਉਜਾਗਰ ਕੀਤਾ ਅਤੇ ਸਿਹਤ, ਪਰਿਵਾਰ ਅਤੇ ਸਮਾਜ ਉੱਤੇ ਪੈਣ ਵਾਲੇ ਗੰਭੀਰ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ। ਮੰਚ ਸੰਚਾਲਨ ਡਾ. ਕਮਲਜੀਤ ਸਿੰਘ ਵੱਲੋਂ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ। ਉਨ੍ਹਾਂ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਅੰਤ ਵਿੱਚ ਧੰਨਵਾਦ ਪ੍ਰਸਤਾਵ ਪੇਸ਼ ਕੀਤਾ। ਵਿਦਿਆਰਥੀਆਂ ਨੇ ਬੜੀ ਰੁਚੀ ਨਾਲ ਲੈਕਚਰ ਵਿੱਚ ਭਾਗ ਲਿਆ ਅਤੇ ਆਪਣੇ ਪ੍ਰਸ਼ਨਾਂ ਰਾਹੀਂ ਵਿਸ਼ੇ ਬਾਰੇ ਹੋਰ ਜਾਣਕਾਰੀ ਪ੍ਰਾਪਤ ਕੀਤੀ। ਇਹ ਵਿਸ਼ੇਸ਼ ਲੈਕਚਰ ਵਿਦਿਆਰਥੀਆਂ ਲਈ ਬਹੁਤ ਹੀ ਜਾਣਕਾਰੀ ਭਰਪੂਰ ਅਤੇ ਪ੍ਰੇਰਣਾਦਾਇਕ ਸਾਬਤ ਹੋਇਆ। ਇਸ ਮੌਕੇ ਕਾਲਜ ਸਟਾਫ਼ ਮੈਂਬਰ ਪ੍ਰੋ. ਸੋਨੀਆ ਗੱਖੜ, ਪ੍ਰੋ. ਅਨੀਤਾ ਆਦਿ ਸ਼ਮੂਲੀਅਤ ਕੀਤੀ।

ਭਵਾਨੀਗੜ੍ਹ ਸਕੂਲ ਦੇ ਵਿਦਿਆਰਥੀਆਂ ਨੇ ਕੀਤਾ ਕਾਲਜ ਦਾ ਵਿਦਿਅਕ ਦੌਰਾ, ਉੱਚੇਰੀ ਸਿੱਖਿਆ ਲਈ ਪ੍ਰੇਰਣਾ ਪ੍ਰਾਪਤ

ਭਵਾਨੀਗੜ੍ਹ, 17 ਫਰਵਰੀ (ਰਾਜ ਖੁਰਮੀ)- ਸਥਾਨਕ ਪੀ.ਐਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ, ਭਵਾਨੀਗੜ੍ਹ ਦੇ ਕਲਾਸ 9ਵੀਂ ਤੋਂ 12ਵੀਂ ਤੱਕ ਦੇ ਵਿਦਿਆਰਥੀਆਂ ਦੇ ਦੋ ਗਰੁੱਪਾਂ ਵੱਲੋਂ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਸਰਕਾਰੀ ਕਾਲਜ ਰੋਸ਼ਨਵਾਲਾ, ਜ਼ਿਲ੍ਹਾ ਸੰਗਰੂਰ ਦਾ ਵਿਦਿਅਕ ਦੌਰਾ ਕੀਤਾ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉੱਚੇਰੀ ਸਿੱਖਿਆ ਦੇ ਮੌਕਿਆਂ ਅਤੇ ਕਾਲਜ ਦੀਆਂ ਸਹੂਲਤਾਂ ਬਾਰੇ ਜਾਣੂ ਕਰਵਾਉਣਾ ਸੀ।ਕਾਲਜ ਦੀ ਪ੍ਰਿੰਸੀਪਲ ਪ੍ਰੋ. ਰਚਨਾ ਭਾਰਦਵਾਜ ਅਤੇ ਵਾਈਸ ਪ੍ਰਿੰਸੀਪਲ ਅਸਿ. ਪ੍ਰੋ. ਅਸ਼ਵਨੀ ਕੁਮਾਰ ਨੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਕਾਲਜ ਦੇ ਇਤਿਹਾਸ, ਪ੍ਰਾਪਤੀਆਂ, ਫੈਕਲਟੀ ਅਤੇ ਬੀ.ਏ. ਤੇ ਬੀ.ਕਾਮ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੀ ਮਹੱਤਤਾ ਬਾਰੇ ਦੱਸਦੇ ਹੋਏ ਭਵਿੱਖ ਦੀ ਯੋਜਨਾ ਬਣਾਉਣ ਲਈ ਪ੍ਰੇਰਿਤ ਕੀਤਾ।

ਸਬੰਧਤ ਵਿਭਾਗਾਂ ਦੇ ਅਧਿਆਪਕਾਂ ਨੇ ਦੱਸਿਆ ਕਿ ਮਹਾਨ ਵਿਦਵਾਨ ਅਤੇ ਸੰਵਿਧਾਨ ਨਿਰਮਾਤਾ ਡਾ. ਬੀ. ਆਰ. ਅੰਬੇਡਕਰ ਦੇ ਨਾਮ 'ਤੇ ਸਥਾਪਿਤ ਇਹ ਸੰਸਥਾ ਵਿਦਿਆਰਥੀਆਂ ਨੂੰ ਗੁਣਵੱਤਾਪੂਰਣ ਸਿੱਖਿਆ ਦੇਣ ਲਈ ਵਚਨਬੱਧ ਹੈ।ਇਹ ਵਿਦਿਅਕ ਦੌਰਾ ਵਿਦਿਆਰਥੀਆਂ ਵਿੱਚ ਉੱਚੇਰੀ ਸਿੱਖਿਆ ਪ੍ਰਤੀ ਰੁਝਾਨ ਵਧਾਉਣ ਅਤੇ ਸਕੂਲ-ਕਾਲਜ ਸਹਿਯੋਗ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਸਾਬਤ ਹੋਵੇਗਾ।

ਲੋਕ ਪੱਖੀ ਕਾਨੂੰਨਾਂ ਦੀ ਰਾਖੀ ਅਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਬਨੇਗਾ ਨੂੰ ਦੇਸ਼ ਦੀ ਸੰਸਦ 'ਚ ਬਣਾਉਣ ਲਈ ਇੱਕਜੁੱਟ ਹੋਣ ਦੀ ਲੋੜ: ਢਾਬਾਂ, ਛਾਂਗਾ ਰਾਏ

ਲਾਭਪਾਤਰੀਆਂ ਦੇ ਹੱਕਾਂ ਦੀ ਪ੍ਰਾਪਤੀ ਅਤੇ ਦਫ਼ਤਰ ਵਿੱਚ ਹੁੰਦੀ ਖੱਜਲ ਖੁਆਰੀ ਖ਼ਿਲਾਫ਼ 26 ਨੂੰ ਏਐਲਸੀ ਦਫ਼ਤਰ ਸਾਹਮਣੇ ਦਿੱਤਾ ਜਾਵੇਗਾ ਧਰਨਾ: ਧੁੰਨਕੀਆਂ, ਪਾਲੀਵਾਲਾ

ਜਲਾਲਾਬਾਦ 17 ਫ਼ਰਵਰੀ (ਗਗਨ ਵਾਟਸ):-ਵਿਦਿਆਰਥੀਆਂ, ਨੌਜਵਾਨਾਂ ਅਤੇ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਉਹਨਾਂ ਦੇ ਬਣਦੇ ਹੱਕ ਦਿਵਾਉਣ ਲਈ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਉਸਾਰੀ ਕਿਰਤੀਆਂ ਨੂੰ ਬੀ.ਓ.ਸੀ.ਡਬਲਯੂ. ਐਕਟ 1996 ਦੀ ਰੋਸ਼ਨੀ 'ਚ ਮਿਲ ਰਹੇ ਲਾਭ ਅਤੇ ਨਵੇਂ ਕਾਨੂੰਨ ਸਮਾਜਿਕ ਸੁਰੱਖਿਆ ਕਾਨੂੰਨ 2020 ਤਹਿਤ ਉਹਨਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਅਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਬਨੇਗਾ ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਵਾਉਣ ਲਈ ਲਗਾਇਆ ਗਿਆ। ਇਸ ਕੈਂਪ ਦੌਰਾਨ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਪਰਮਜੀਤ ਢਾਬਾਂ ਡਿਪਟੀ ਜਨਰਲ ਸਕੱਤਰ ਕੰਨਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਪੰਜਾਬ ਅਤੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਸਾਥੀ ਚਰਨਜੀਤ ਛਾਂਗਾ ਰਾਏ ਨੇ ਕਿਹਾ ਕਿ ਲੋਕ ਪੱਖੀ ਸੰਸਦ ਮੈਂਬਰਾਂ ਵੱਲੋਂ ਕਿਰਤੀਆਂ ਲਈ ਬਣਾਏ ਕਾਨੂੰਨਾਂ ਨੂੰ ਬਚਾਉਣ ਅਤੇ ਉਹਨਾਂ ਰਾਹੀਂ ਮਿਲ ਰਹੇ ਹੱਕਾਂ ਦੀ ਪ੍ਰਾਪਤੀ ਲਈ ਲਗਾਤਾਰ ਵਿਦਿਆਰਥੀਆਂ, ਨੌਜਵਾਨਾਂ ਅਤੇ ਕਿਰਤੀਆਂ ਨੂੰ ਜਾਗਰਿਤ ਕੀਤਾ ਜਾ ਰਿਹਾ ਹੈ। ਸਾਥੀ ਢਾਬਾਂ ਅਤੇ ਸਾਥੀ ਛਾਂਗਾ ਰਾਏ ਨੇ ਕਿਹਾ ਕਿ ਸਾਨੂੰ ਸਿਧਾਂਤਕ ਤੌਰ ਤੇ ਤਿਆਰ ਹੋ ਕੇ ਦੇਸ਼ ਪੱਖੀ ਕਾਨੂੰਨਾਂ ਦੀ ਰਾਖੀ ਲਈ ਅਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਨੂੰ ਦੇਸ਼ ਦੀ ਸੰਸਦ 'ਚ ਬਣਾਉਣ ਲਈ ਇੱਕਜੁੱਟ ਹੋਣ ਦੀ ਲੋੜ ਹੈ। ਆਗੂਆਂ ਨੇ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ (ਬਨੇਗਾ) ਅੱਜ ਸਮੇਂ ਦੀ ਮੁੱਖ ਲੋੜ ਹੈ ਅਤੇ ਇਹਦੇ ਤੋਂ ਬਿਨਾਂ ਖੁਸ਼ਹਾਲ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ ਕਿਉਂਕਿ ਅਰਗੀਫੀਸ਼ੀਅਲ ਇੰਟੈਲੀਜੇਂਸੀ (ਏ ਆਈ) ਤੇ ਕਾਬਜ਼ ਧਿਰਾਂ ਨੇ ਭਵਿੱਖ ਵਿੱਚ ਕਿਰਤ ਤੋਂ ਬਿਨਾਂ ਪੈਦਾਵ

ਟੈਕਨਾਲੋਜੀ ਤੇ ਸਭਿਆਚਾਰ ਦਾ ਰੰਗੀਨ ਮੇਲ: ਭਾਈ ਗੁਰਦਾਸ ਗਰੁੱਪ ਵਿੱਚ ਨੈਸ਼ਨਲ ਟੈਕ-ਫੈਸਟ ਦੌਰਾਨ ਸਟੂਡੈਂਟਸ ਕਨਵੈਨਸ਼ਨ ਸ਼ਾਨਦਾਰ ਢੰਗ ਨਾਲ ਸੰਪੰਨ

ਭਵਾਨੀਗੜ੍ਹ, 17 ਫਰਵਰੀ (ਰਾਜ ਖੁਰਮੀ)- ਮਾਲਵਾ ਖੇਤਰ ਦੀ ਮਾਣਯੋਗ ਸਿੱਖਿਆ ਸੰਸਥਾ ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਕੈਂਪਸ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨੈਸ਼ਨਲ ਪੱਧਰ ਦਾ ਟੈਕ-ਫੈਸਟ ਆਰਮੈਗਡਨ-26.0 ਵੱਡੇ ਉਤਸ਼ਾਹ ਨਾਲ ਮਨਾਇਆ ਗਿਆ। ਉਦਘਾਟਨੀ ਸਮਾਰੋਹ ਮੌਕੇ ਇੰਡੀਅਨ ਸੁਸਾਇਟੀ ਫਾਰ ਟੈਕਨੀਕਲ ਐਜੂਕੇਸ਼ਨ ਵੱਲੋਂ ਕਾਲਜ ਆਡੀਟੋਰੀਅਮ ਵਿੱਚ ਵਿਸ਼ੇਸ਼ ਸਟੂਡੈਂਟਸ ਕਨਵੈਨਸ਼ਨ ਆਯੋਜਿਤ ਕੀਤਾ ਗਿਆ, ਜਿਸ ਨੇ ਤਕਨੀਕੀ ਜਾਗਰੂਕਤਾ ਅਤੇ ਨਵੀਨਤਾ ਨੂੰ ਨਵਾਂ ਮੰਚ ਦਿੱਤਾ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਸਿੱਖਿਆ ਵਿਦਵਾਨ ਡਾ. ਬੂਟਾ ਸਿੰਘ ਸਿੱਧੂ ਸ਼ਾਮਲ ਹੋਏ, ਜਦਕਿ ਵਿਸ਼ੇਸ਼ ਮਹਿਮਾਨਾਂ ਵਿੱਚ ਡਾ. ਨਵਦੀਪਕ ਸੰਧੂ (ਰਜਿਸਟਰਾਰ) ਅਤੇ ਡਾ. ਯਾਦਵਿੰਦਰ ਸਿੰਘ ਬਰਾੜ (ਡੀਨ ਅਕਾਦਮਿਕ ਮਾਮਲੇ), ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਨੇ ਹਾਜ਼ਰੀ ਲਗਵਾਈ। ਸਮਾਰੋਹ ਦੀ ਸ਼ੁਰੂਆਤ ਸੰਸਥਾ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਜਵੰਧਾ, ਸੈਕਟਰੀ ਮੈਡਮ ਬਲਜਿੰਦਰ ਕੌਰ ਜਵੰਧਾ ਅਤੇ ਹੋਰ ਮਹਿਮਾਨਾਂ ਵੱਲੋਂ ਸ਼ਮਾ ਰੌਸ਼ਨ ਕਰਕੇ ਕੀਤੀ ਗਈ।ਕੈਂਪਸ ਡਾਇਰੈਕਟਰ ਡਾ. ਤਨੂਜਾ ਸ੍ਰੀਵਾਸਤਵਾ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਸੰਸਥਾ ਦੀਆਂ ਵਿਦਿਆਰਥੀ ਪ੍ਰਾਪਤੀਆਂ ਅਤੇ ਉਪਲਬਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾਂ ਨੂੰ ਮੋਹ ਲਿਆ। 'ਕਲਰਜ਼ ਆਫ ਬੀਜੀਜੀਆਈ' ਥੀਮ ਹੇਠ ਭਾਰਤ ਦੇ ਵੱਖ-ਵੱਖ ਰਾਜਾਂ ਨਾਲ ਨਾਲ ਅਫਰੀਕਾ ਅਤੇ ਨੇਪਾਲ ਤੋਂ ਆਏ ਵਿਦਿਆਰਥੀਆਂ ਨੇ ਆਪਣੀ ਸੱਭਿਆਚਾਰਕ ਵਿਵਿਧਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਮੁੱਖ ਮਹਿਮਾਨ ਅਤੇ ਹੋਰ ਅਤਿਥੀਆਂ ਨੇ ਆਪਣੇ ਸੰਬੋਧਨਾਂ ਵਿੱਚ ਸੰਸਥਾ ਦੇ ਅਨੁਸ਼ਾਸਿਤ ਵਾਤਾਵਰਣ, ਮੈਨੇਜਮੈਂਟ ਅਤੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਟੈਕ-ਫੈਸਟ ਨੌਜਵਾਨਾਂ ਵਿੱਚ ਨਵੀਨਤਾ, ਆਤਮਵਿਸ਼ਵਾਸ ਅਤੇ ਮੁਕਾਬਲੇ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਮਾਗਮ ਤੋਂ ਬਾਅਦ ਮਹਿਮਾਨਾਂ ਨੇ ਫੇਟ ਗਰਾਊਂਡ ਵਿੱਚ ਲੱਗੇ ਟੈਕਨੀਕਲ ਅਤੇ ਨਾਨ-ਟੈਕਨੀਕਲ ਸਟਾਲਾਂ ਦਾ ਜਾਇਜ਼ਾ ਲਿਆ ਅਤੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਸਾਇੰਸ-ਟੈਕਨਾਲੋਜੀ ਪ੍ਰੋਜੈਕਟਾਂ ਵਿੱਚ ਖਾਸ ਦਿਲਚਸਪੀ ਦਿਖਾਈ। ਮਿਲਣੀ ਦੌਰਾਨ ਚੇਅਰਮੈਨ ਡਾ. ਜਵੰਧਾ ਨੇ ਕਿਹਾ ਕਿ ਸੰਸਥਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਰਾਸ਼ਟਰੀ ਪੱਧਰ ਦੇ ਇਨ੍ਹਾਂ ਪ੍ਰੋਗਰਾਮਾਂ ਨਾਲ ਉਨ੍ਹਾਂ ਦੀ ਯੋਗਤਾ ਨੂੰ ਨਵਾਂ ਉਤਸ਼ਾਹ ਮਿਲਦਾ ਹੈ। ਇਸ ਮੌਕੇ ਸੰਸਥਾ ਦੀ ਐਮ.ਡੀ. ਡਾ. ਸੁਵਰੀਤ ਕੌਰ ਜਵੰਧਾ ਨੇ ਵੀ ਸਟਾਫ ਅਤੇ ਵਿਦਿਆਰਥੀਆਂ ਦੀ ਪ੍ਰੇਰਣਾ ਵਧਾਉਂਦਿਆਂ ਪ੍ਰੋਗਰਾਮ ਦੀ ਸਫਲਤਾ 'ਤੇ ਖੁਸ਼ੀ ਜਤਾਈ।

ਖੇਤ ਵਿੱਚ ਪਰਾਲੀ ਸੰਭਾਲ ਕੇ ਕਣਕ ਬੀਜਣ ਦੀ ਵਿਧੀ ਨਾਲ ਵਧੇਗਾ ਝਾੜ ਤੇ ਘਟੇਗਾ ਪ੍ਰਦੂਸ਼ਣ

ਖੇਤ ਵਿੱਚ ਪਰਾਲੀ ਸੰਭਾਲ ਕੇ ਕਣਕ ਬੀਜਣ ਦੀ ਵਿਧੀ ਨਾਲ ਵਧੇਗਾ ਝਾੜ ਤੇ ਘਟੇਗਾ ਪ੍ਰਦੂਸ਼ਣ

ਭਵਾਨੀਗੜ੍ਹ, 17 ਫਰਵਰੀ (ਰਾਜ ਖੁਰਮੀ): ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਨਿਰਦੇਸ਼ਕ ਪਸਾਰ ਸਿੱਖਿਆ ਦੀ ਅਗਵਾਈ ਹੇਠ ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਵੱਲੋਂ ਪਿੰਡ ਥੰਮਣ ਸਿੰਘ ਵਾਲਾ ਵਿੱਚ ਖੇਤ ਦਿਵਸ ਮਨਾਇਆ ਗਿਆ, ਜਿਸ ਵਿੱਚ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲ ਕੇ ਛੱਟੇ ਨਾਲ ਕਣਕ ਦੀ ਬਿਜਾਈ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਕੇਂਦਰ ਦੇ ਇੰਚਾਰਜ ਤੇ ਸੀਨੀਅਰ ਪਸਾਰ ਵਿਗਿਆਨੀ ਡਾ. ਅਸ਼ੋਕ ਕੁਮਾਰ ਨੇ ਦੱਸਿਆ ਕਿ ਝੋਨੇ ਦੇ ਨਾੜ ਵਿੱਚ ਫਸਲਾਂ ਲਈ ਲੋੜੀਂਦੇ ਕਈ ਮਹੱਤਵਪੂਰਨ ਖੁਰਾਕੀ ਤੱਤ ਮੌਜੂਦ ਹੁੰਦੇ ਹਨ। ਪਰਾਲੀ ਸਾੜਨ ਨਾਲ ਨਾਈਟਰੋਜਨ ਅਤੇ ਗੰਧਕ ਵਰਗੇ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਵਾਤਾਵਰਣ ਵੀ ਪ੍ਰਦੂਸ਼ਿਤ ਹੁੰਦਾ ਹੈ। ਉਨ੍ਹਾਂ ਅਨੁਸਾਰ ਇੱਕ ਟਨ ਪਰਾਲੀ ਸਾੜਨ ਨਾਲ ਲਗਭਗ 400 ਕਿਲੋ ਜੈਵਿਕ ਕਾਰਬਨ, 5.5 ਕਿਲੋ ਨਾਈਟਰੋਜਨ, 2.3 ਕਿਲੋ ਫਾਸਫੋਰਸ, 25 ਕਿਲੋ ਪੋਟਾਸ਼ ਅਤੇ 1.2 ਕਿਲੋ ਸਲਫਰ ਤੱਤ ਖਤਮ ਹੋ ਜਾਂਦੇ ਹਨ। ਪਿੰਡ ਦੇ ਅਗਾਂਹਵਧੂ ਕਿਸਾਨ ਲਾਲ ਸਿੰਘ ਵੱਲੋਂ ਯੂਨੀਵਰਸਿਟੀ ਦੀ ਸਿਫਾਰਸ਼ੀ ਵਿਧੀ ਅਨੁਸਾਰ ਇੱਕ ਏਕੜ ਵਿੱਚ ਪਰਾਲੀ ਸੰਭਾਲ ਕੇ ਕਣਕ ਦੀ ਬਿਜਾਈ ਕੀਤੀ ਗਈ, ਜਿਸ ਨਾਲ ਖੁਰਾਕੀ ਤੱਤਾਂ ਦੀ ਘੱਟ ਵਰਤੋਂ ਹੋਈ ਅਤੇ ਨਦੀਨਾਂ, ਖਾਸ ਕਰਕੇ ਗੁੱਲੀ-ਡੰਡੇ ਅਤੇ ਚੌੜੇ ਪੱਤੇ ਵਾਲੇ ਨਦੀਨਾਂ ਦਾ ਹਮਲਾ ਵੀ ਘੱਟ ਦੇਖਣ ਨੂੰ ਮਿਲਿਆ। ਇਸ ਪ੍ਰਯੋਗ ਨੂੰ ਦੇਖਣ ਲਈ ਨੇੜਲੇ ਪਿੰਡ ਮੱਟਰਾਂ ਦੇ ਕਿਸਾਨ ਵੀ ਖੇਤ ਦਿਵਸ ਵਿੱਚ ਸ਼ਾਮਿਲ ਹੋਏ ਅਤੇ ਅਗਲੇ ਸਾਲ ਇਹ ਤਰੀਕਾ ਅਪਣਾਉਣ ਦੀ ਇੱਛਾ ਜਤਾਈ।ਡਾ. ਕੁਮਾਰ ਨੇ ਕਿਸਾਨਾਂ ਨੂੰ ਮਿੱਟੀ ਦੀ ਪਰਖ ਕਰਵਾ ਕੇ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ, ਮੌਸਮੀ ਬਦਲਾਅ ਤੋਂ ਬਚਾਅ ਲਈ 2% ਪੋਟਾਸ਼ੀਅਮ ਨਾਈਟਰੇਟ ਦਾ ਛਿੜਕਾਅ ਕਰਨ ਅਤੇ ਘਰੇਲੂ ਬਗੀਚੀ ਵਿੱਚ ਸਬਜ਼ੀਆਂ ਉਗਾਉਣ ਲਈ ਪ੍ਰੇਰਿਆ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਤਿਆਰ ਕੀਤੀਆਂ ਗਰਮੀ ਰੁੱਤ ਦੀਆਂ ਸਬਜ਼ੀਆਂ ਦੀਆਂ ਬੀਜ ਕਿੱਟਾਂ ਕੇਵਲ 100 ਰੁਪਏ ਵਿੱਚ ਉਪਲਬਧ ਹਨ, ਜਿਨ੍ਹਾਂ ਵਿੱਚ 12 ਕਿਸਮਾਂ ਦੇ ਬੀਜ ਸ਼ਾਮਲ ਹਨ।ਖੇਤ ਦਿਵਸ ਦੌਰਾਨ ਹਰੀ ਖਾਦ, ਮੂੰਗੀ ਦੀ ਕਾਸ਼ਤ, ਪਸ਼ੂਆਂ ਲਈ ਧਾਤਾਂ ਦੇ ਚੂਰੇ ਅਤੇ ਪ੍ਰੀਮਿਕਸ ਬਾਰੇ ਵੀ ਚਰਚਾ ਕੀਤੀ ਗਈ ਅਤੇ ਕਿਸਾਨਾਂ ਦੇ ਸਵਾਲਾਂ ਦੇ ਜਵਾਬ ਦਿੱਤੇ ਗਏ।

ਅੰਤਰ ਰਾਸ਼ਟਰੀ ਮਾਤ ਭਾਸ਼ਾ ਦਿਵਸ ਮੌਕੇ ਭਾਸ਼ਣ ਮੁਕਾਬਲਿਆਂ 'ਚ ਭਾਗ ਲੈਣ ਲਈ ਵਿਦਿਆਰਥੀਆਂ ਨੂੰ ਅਪੀਲ

ਸ੍ਰੀ ਮੁਕਤਸਰ ਸਾਹਿਬ, 17 ਫਰਵਰੀ: (ਰਵੀਨਾ ਅਰੋੜਾ) - ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਅਤੇ ਜਸਵੰਤ ਸਿੰਘ ਜ਼ਫਰ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਭਾਸ਼ਾ ਵਿਭਾਗ, ਪੰਜਾਬ ਵਲੋਂ ਪੰਜਾਬ ਵਿੱਚ ਜ਼ਿਲ੍ਹਾ ਪੱਧਰ 'ਤੇ ਮਿਤੀ 21 ਫਰਵਰੀ 2026 ਨੂੰ ਅੰਤਰ ਰਾਸ਼ਟਰੀ ਮਾਤ ਭਾਸ਼ਾ ਦਿਵਸ ਮਨਾਇਆ ਜਾ ਰਿਹਾ ਹੈ। ਮਨਜੀਤ ਪੁਰੀ, ਜ਼ਿਲ੍ਹਾ ਭਾਸ਼ਾ ਅਫ਼ਸਰ, ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਮਿਤੀ 21 ਫਰਵਰੀ 2026 ਨੂੰ (ਸਵੇਰੇ 10:00 ਵਜੇ) ਸਕੂਲ ਪੱਧਰ (ਜਮਾਤ ਨੌਵੀਂ ਤੋਂ ਬਾਰ੍ਹਵੀਂ) ਅਤੇ ਕਾਲਜ ਪੱਧਰ ਦੇ ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਕਰਵਾਏ ਜਾਣੇ ਹਨ। ਇਹ ਮੁਕਾਬਲੇ ਬਾਵਾ ਨਿਹਾਲ ਸਿੰਘ ਬੀ.ਐੱਡ. ਕਾਲਜ, ਨੇੜੇ ਦਫ਼ਤਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਏ ਜਾ ਰਹੇ ਹਨ। ਬਲਜਿੰਦਰ ਸਿੰਘ ਖੋਜ ਅਫ਼ਸਰ, ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਸ੍ਰੀ ਮੁਕਤਸਰ ਸਾਹਿਬ ਨੇ ਇਨ੍ਹਾਂ ਮੁਕਾਬਲਿਆਂ ਲਈ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਵਧੇਰੇ ਜਾਣਕਾਰੀ ਹਾਸਲ ਕਰਨ ਲਈ ਮੋਬਾ. ਨੰ. 94630-24575 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਮੋਗਾ ਰੈਲੀ ਲਈ ਵੱਡੀ ਗਿਣਤੀ ਵਿੱਚ ਸੈਂਸੋਵਾਲ ਕਲਾਂ, ਦੌਲਤਪੁਰ ਅਤੇ ਸੈਂਸੋਵਾਲ ਮੰਡ ਤੋਂ ਵਰਕਰ ਗਏ

ਆਪ ਸਰਕਾਰ ਦੇ ਲੋਕ ਭਲਾਈ ਕਾਰਜਾਂ ਤੋਂ ਜਨਤਾ ਖੁਸ਼- ਭੁਪਿੰਦਰ ਰਠੌਰ

ਮਾਛੀਵਾੜਾ ਸਾਹਿਬ 17 ਫਰਵਰੀ (ਮਾਸਟਰ ਸਤੀਸ਼ ਕੁਮਾਰ)- ਪੰਜਾਬ ਸਰਕਾਰ ਦੁਆਰਾ ਲੋਕ ਭਲਾਈ ਕਾਰਜਾਂ ਲਈ ਕੀਤੇ ਜਾ ਰਹੇ ਕੰਮਾਂ ਤੋਂ ਪੰਜਾਬ ਦੀ ਜਨਤਾ ਪੂਰੀ ਤਰ੍ਹਾਂ ਖੁਸ਼ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਬੀ.ਸੀ. ਵਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਰਠੌਰ ਨੇ ਕਰਦਿਆਂ ਆਪਣੇ ਪਿੰਡ ਸੈਂਸੋਵਾਲ ਕਲਾਂ, ਦੌਲਤਪੁਰ ਮੰਡ ਝੜੌਦੀ ਅਤੇ ਸੈਂਸੋਵਾਲ ਮੰਡ ਤੋਂ ਵੱਡੀ ਗਿਣਤੀ ਵਿੱਚ ਵਰਕਰਾਂ ਨੂੰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਮੋਗਾ ਰੈਲੀ ਲਈ ਰਵਾਨਾ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਜਿੱਥੇ ਪੰਜਾਬ ਦੀ ਜਨਤਾ ਦੀ ਭਲਾਈ ਲਈ ਪੰਜਾਬ ਸਰਕਾਰ ਵੱਖ-ਵੱਖ ਸਕੀਮਾਂ ਲਿਆ ਰਹੀ ਹੈ, ਉੱਥੇ ਹੀ ਪੰਜਾਬ ਵਿੱਚ ਸੜਕਾਂ ਦਾ ਜਾਲ ਵਿਛਾ ਦਿੱਤਾ ਗਿਆ ਹੈ । ਪੰਜਾਬ ਦੀ ਖੇਤੀ ਨੂੰ ਪ੍ਰਫੁੱਲਿਤ ਕਰਨ ਦੇ ਲਈ ਅਨੇਕਾਂ ਕਾਰਜ ਅਰੰਭੇ ਜਾ ਚੁੱਕੇ ਹਨ। ਫਸਲਾਂ ਦੀ ਖਰੀਦੋ ਫਰੋਸਤ ਸਮੇਂ ਸਿਰ ਹੋਣ ਕਾਰਨ ਕਿਸਾਨ ਅਤੇ ਆੜ੍ਹਤੀ ਵਰਗ ਵੀ ਪੂਰੀ ਤਰ੍ਹਾਂ ਖੁਸ਼ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਤੱਤਪਰ ਹੈ। ਅਤੇ ਪਿਛਲੇ ਕੁਝ ਹੀ ਸਮੇਂ ਵਿੱਚ ਵੱਡੇ ਵੱਡੇ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਨੂੰ ਖਤਮ ਕੀਤਾ ਜਾ ਰਿਹਾ ਹੈ। ਸਰਪੰਚ ਗੁਰਮੀਤ ਸਿੰਘ ਭਾਊ ਦੌਲਤਪੁਰ ਮੰਡ ਝੜੌਦੀ ਅਤੇ ਸਰਪੰਚ ਧਰਮ ਸਿੰਘ ਸੈਂਸੋਵਾਲ ਮੰਡ ਨੇ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਆਪ ਸਰਕਾਰ ਦਾ ਸਾਥ ਦੇਈਏ ਅਤੇ ਸਮਾਜ ਵਿੱਚ ਪ੍ਰਚਲਤ ਨਸ਼ਿਆਂ ਦੀ ਰੋਕਥਾਮ ਲਈ ਨਸ਼ਾ ਵੇਚਣ ਵਾਲਿਆਂ ਦੀ ਜਾਣਕਾਰੀ ਪ੍ਰਸ਼ਾਸਨ ਨੂੰ ਦੇਈਏ।

ਮਲੋਟ 'ਰਾਇਲਸ' ਵੱਲੋਂ ਖ਼ੂਨਦਾਨ ਕੈਂਪ ਆਯੋਜਿਤ, ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਮਲੋਟ, 17 ਫ਼ਰਵਰੀ (ਹਰਦੀਪ ਸਿੰਘ ਖਾਲਸਾ) ਮਲੋਟ 'ਰਾਇਲਸ' ਵੱਲੋਂ ਬੀਤੇ ਦਿਨ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੀ ਅਗਵਾਈ ਲਾਇਨ ਸੁਨੀਸ਼ ਗੋਇਲ (ਪ੍ਰਧਾਨ), ਲਾਇਨ ਦੀਪਕ ਗਰਗ (ਸਕੱਤਰ), ਲਾਇਨ ਧਰਮੇਸ਼ ਬਾਂਸਲ (ਖਜ਼ਾਨਚੀ) ਅਤੇ ਲਾਇਨ ਸੰਜੀਵ ਅਰੋੜਾ ਵੱਲੋਂ ਕੀਤੀ ਗਈ। ਇਸ ਮੌਕੇ ਪੰਜਾਬ ਸਰਕਾਰ ਦੀ ਕੈਬਿਨੇਟ ਮੰਤਰੀ ਅਤੇ ਵਿਧਾਇਕ ਮਲੋਟ ਡਾ. ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਲੱਬ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨਦਾਨ ਸਭ ਤੋਂ ਮਹਾਨ ਦਾਨ ਹੈ। ਇੱਕ ਯੂਨਿਟ ਖ਼ੂਨ ਕਿਸੇ ਗੰਭੀਰ ਮਰੀਜ਼ ਲਈ ਜੀਵਨਦਾਨ ਸਾਬਤ ਹੋ ਸਕਦਾ ਹੈ। ਉਨ੍ਹਾਂ ਉਮੀਦ ਜਤਾਈ ਕਿ ਕਲੱਬ ਵੱਲੋਂ ਅਗਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਲੋਕ-ਹਿੱਤ ਅਤੇ ਸਿਹਤ ਸੰਬੰਧੀ ਕੈਂਪ ਲਗਾਤਾਰ ਲਗਾਏ ਜਾਣਗੇ। ਕਲੱਬ ਦੇ ਮੈਂਬਰਾਂ ਅਨੁਸਾਰ ਕੈਂਪ ਦੌਰਾਨ ਕੁੱਲ 60 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ, ਜਿਸ ਵਿੱਚ ਮਹਿਲਾਵਾਂ ਅਤੇ ਨੌਜਵਾਨ ਲੜਕੀਆਂ ਦੀ ਭਾਗੀਦਾਰੀ ਵੀ ਸ਼ਲਾਘਾਯੋਗ ਰਹੀ। ਪ੍ਰੋਜੈਕਟ ਇੰਚਾਰਜ ਵਜੋਂ ਲਾਇਨ ਨੋਨੀ ਗਰਗ, ਲਾਇਨ ਹੈਰੀ ਸਿੰਗਲਾ, ਲਾਇਨ ਪੰਕਿਤ ਬਾਂਸਲ, ਲਾਇਨ ਚੰਦਨ ਗੁਪਤਾ, ਲਾਇਨ ਅਮਿਤ ਵਧਵਾ ਅਤੇ ਲਾਇਨ ਸਨੀ ਛਾਬੜਾ ਨੇ ਸੇਵਾਵਾਂ ਨਿਭਾਈਆਂ। ਖ਼ੂਨਦਾਨ ਤੋਂ ਬਾਅਦ ਦਾਨੀਆਂ ਲਈ ਡਾਇਟ ਦੀ ਵਿਵਸਥਾ ਲਾਇਨ ਮੰਨੂ ਮੰਗਲਾ ਅਤੇ ਲਾਇਨ ਅਮਿਤ ਵਧਵਾ ਵੱਲੋਂ ਕੀਤੀ ਗਈ। ਇਸ ਤੋਂ ਇਲਾਵਾ ਲਾਇਨ ਨਿਸ਼ਾਂਤ ਗੋਇਲ ਅਤੇ ਲਾਇਨ ਪ੍ਰੇਮ ਗੋਇਲ ਨੇ ਕੈਂਪ ਦੀ ਸਮੂਹਿਕ ਵਿਵਸਥਾ ਸੰਭਾਲੀ, ਜਦਕਿ ਲਾਇਨ ਗੌਰਵ ਮੱਕੜ ਵੱਲੋਂ ਖ਼ੂਨਦਾਨੀਆਂ ਦੀ ਰਜਿਸਟਰੇਸ਼ਨ ਕੀਤੀ ਗਈ। ਇਸ ਮੌਕੇ ਲਾਇਨ ਧਰਵੀਰ ਗੋਇਲ, ਲਾਇਨ ਰਘੁਵਿੰਦਰ ਸਿੰਘ, ਲਾਇਨ ਲੋਵਿਸ਼ ਗੋਇਲ, ਲਾਇਨ ਕਬੀਰ ਗੋਇਲ, ਲਾਇਨ ਸ਼ਿਵਮ ਗੋਇਲ ਸਮੇਤ ਹੋਰ ਮੈਂਬਰ ਹਾਜ਼ਰ ਰਹੇ। ਕਲੱਬ ਵੱਲੋਂ ਹਰ ਖ਼ੂਨਦਾਨੀ ਨੂੰ ਮੈਡਲ ਅਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

'ਅਕਾਲੀ ਦਲ ਵਾਰਿਸ ਪੰਜਾਬ ਦੇ' ਜ਼ਿਲ੍ਹਾ ਬਠਿੰਡਾ ਦੀ ਮੀਟਿੰਗ ਹੋਈ, ਖ਼ਾਲਸਾ ਵਹੀਰ ਦੀਆਂ ਤਿਆਰੀਆਂ ਸਬੰਧੀ ਵਿਚਾਰਾਂ ਕੀਤੀਆਂ

ਭਗਤਾ ਭਾਈ, 17 ਫਰਵਰੀ (ਰਾਜਿੰਦਰ ਸਿੰਘ ਮਰਾਹੜ)- ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਚਮਕੌਰ ਸਿੰਘ ਬਰਾੜ (ਕੋਇਰ ਸਿੰਘ ਵਾਲਾ) ਦੀ ਅਗਵਾਈ ਵਿੱਚ ਹੋਈ। ਜਿਸ ਵਿੱਚ ਜਿਲੇ ਦਾ ਜਥੇਬੰਦਕ ਢਾਂਚਾ ਬਣਾਉਣ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ 25 ਫਰਵਰੀ ਦਿਨ ਬੁੱਧਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖ਼ਾਲਸਾ ਵਹੀਰ ਦਾ ਅਗਾਜ਼ ਹੋ ਰਿਹਾ ਹੈ ਜਿਸ ਦੀ ਸਮਾਪਤੀ 26 ਫਰਵਰੀ ਦਿਨ ਵੀਰਵਾਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹੋਵੇਗੀ ਅਤੇ 27 ਫਰਵਰੀ ਨੂੰ ਅਮ੍ਰਿਤ ਸੰਚਾਰ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸ

ਸੇਵਾ ਮੁਕਤ ਮੁੱਖ ਅਧਿਆਪਕ ਸਵ: ਹਰਦਿਆਲ ਸਿੰਘ ਜੈਦਕਾ ਅਤੇ ਸਵ: ਸੰਤੋਸ਼ ਕੌਰ ਦੀ ਯਾਦ 'ਚ ਸਮਾਗਮ

ਭਗਤਾ ਭਾਈ, 17 ਫਰਵਰੀ (ਰਾਜਿੰਦਰ ਸਿੰਘ ਮਰਾਹੜ)- ਸਮਾਜ ਸੇਵੀ ਗੁਰਚਰਨ ਸਿੰਘ ਮਿੱਠੂ ਜੈਦਕਾ ਕੈਨੇਡਾ ਅਤੇ ਕਮਲਜੀਤ ਸਿੰਘ ਜੈਦਕਾ ਕੈਨੇਡਾ ਦੇ ਸਤਿਕਾਰਯੋਗ ਪਿਤਾ ਸੇਵਾ ਮੁਕਤ ਮੁੱਖ ਅਧਿਆਪਕ ਸਵ: ਹਰਦਿਆਲ ਸਿੰਘ ਜੈਦਕਾ ਅਤੇ ਮਾਤਾ ਸਵ: ਸੰਤੋਸ਼ ਕੌਰ ਦੀ ਨਿੱਘੀ ਯਾਦ ਵਿੱਚ ਜੈਦਕਾ ਪਰਿਵਾਰ ਵਲੋਂ ਇਤਿਹਾਸਕ ਗੁਰਦੁਆਰਾ ਲੋਹਗੜ੍ਹ ਸਾਹਿਬ (ਜ਼ਫ਼ਰਨਾਮਾ ਸਾਹਿਬ) ਪਿੰਡ ਦੀਨਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭਾਈ ਗੁਰਚਰਨ ਸਿੰਘ ਬਾਘਾ ਪੁਰਾਣਾ ਦੇ ਜਥੇ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ। ਨਗਰ ਸੁਧਾਰ ਟਰੱਸਟ ਬਠਿੰਡਾ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਜਤਿੰਦਰ ਸਿੰਘ ਭੱਲਾ ਅਤੇ ਸੀਨੀਅਰ ਪੱਤਰਕਾਰ ਤੋਤਾ ਸਿੰਘ ਦੀਨਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਿੱਥੇ ਸੇਵਾਮੁਕਤ ਮੁੱਖ ਅਧਿਆਪਕ ਸਵ: ਹਰਦਿਆਲ ਸਿੰਘ ਜੈਦਕਾ ਨੇ ਆਪਣੇ ਜੀਵਨ ਦੌਰਾਨ ਵਿਦਿਆ ਦੇ ਖੇਤਰ 'ਚ ਸ਼ਾਨਦਾਰ ਸੇਵਾਵਾਂ ਨਿਭਾਈਆਂ ਉੱਥੇ ਸੇਵਾ ਮੁਕਤੀ ਤੋਂ ਬਾਅਦ ਆਪਣੇ ਪਿੰਡ ਦੀਨਾ ਸਾਹਿਬ ਦੇ ਸਾਂਝੇ ਕੰਮਾਂ ਵਿੱਚ ਵੱਡਾ ਯੋਗਦਾਨ ਪਾਇਆ। ਜਿਸ ਨੂੰ ਜੈਦਕਾ ਪਰਿਵਾਰ ਵਲੋਂ ਅੱਜ ਵੀ ਨਿਰੰਤਰ ਜਾਰੀ ਰੱਖਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਜੈਦਕਾ ਪਰਿਵਾਰ ਵਲੋਂ ਆਪਣੇ ਪਿਤਾ ਸੇਵਾ ਮੁਕਤ ਸਵ: ਹਰਦਿਆਲ ਸਿੰਘ ਜੈਦਕਾ ਦੀ ਯਾਦ 'ਚ ਸਰਕਾਰੀ ਹਾਈ ਤੇ ਪ੍ਰਾਇਮਰੀ ਸਕੂਲ ਦੀਨਾ ਸਾਹਿਬ ਦੇ ਵਿਦਿਆਰਥੀਆਂ ਨੂੰ ਸਮੇਂ ਸਮੇਂ 'ਤੇ ਲੋੜ ਅਨੁਸਾਰ ਚੀਜ਼ਾਂ ਦਾਨ ਕੀਤੀਆਂ ਜਾ ਰਹੀਆਂ ਹਨ, ਉੱਥੇ

ਬੋਰਡ ਦੀਆਂ ਜਮਾਤਾਂ 'ਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਜਾਂਦਾ ਹੈ। ਇਸ ਮੌਕੇ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਜਗਸੀਰ ਸਿੰਘ ਭੁੱਚੋ, ਵਿਧਾਇਕ ਲਾਭ ਸਿੰਘ ਉਗੋਕੇ

(ਭਦੌੜ), ਬੀਬੀ ਅਮਨਦੀਪ ਕੌਰ ਸੁਪਤਨੀ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਚੇਅਰਮੈਨ ਬੇਅੰਤ ਸਿੰਘ ਸਲਾਬਤਪੁਰਾ, ਬਾਬਾ ਜਗਦੇਵ ਮੁਨੀ ਖਾਈ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋ, ਪ੍ਰਧਾਨ ਇੰਦਰਜੀਤ ਜੋਲੀ ਗਰਗ, ਪ੍ਰਧਾਨ ਭੁਪਿੰਦਰ ਸਿੰਘ ਸਾਹੋਕੇ, ਸਾਬਕਾ ਚੇਅਰਮੈਨ ਅਮਰਜੀਤ ਸਿੰਘ ਮਾਨੂੰਕੇ, ਸੁਖਵਿੰਦਰ ਕੁਮਾਰ ਸਾਬਕਾ ਪ੍ਰਧਾਨ ਨਗਰ ਕੌਂਸਲ, ਜਗਦੀਪ ਸਿੰਘ ਜੈਮਲ ਵਾਲਾ, ਪ੍ਰਿੰਸੀਪਲ ਦਿਗਵਿਜੇ ਸਿੰਘ, ਕਮਲ ਉੱਪਲ ਕੈਨੇਡਾ, ਪ੍ਰਧਾਨ ਬਲਕਰਨ ਸਿੰਘ ਮਾਨੂੰਕੇ, ਰਿਟ. ਡੀ.ਐਸ.ਪੀ. ਜਸਵੰਤ ਸਿੰਘ ਭੱਟੀ, ਸਰਪੰਚ ਰਣਜੀਤ ਸਿੰਘ ਦੀਨਾ, ਸਾਬਕਾ ਸਰਪੰਚ ਗੁਰਮੀਤ ਸਿੰਘ ਭੋਲਾ, ਸੰਮਤੀ ਮੈਂਬਰ ਕੁਲਵੰਤ ਸਿੰਘ ਗਰੇਵਾਲ, ਸ਼ਹਿਰੀ ਪ੍ਰਧਾਨ ਰੂਪ ਲਾਲ ਮਿੱਤਲ, ਬਲਾਕ ਪ੍ਰਧਾਨ ਰੁਪਿੰਦਰ ਸਿੰਘ ਦੀਨਾ, ਅੰਮ੍ਰਿਤਪਾਲ ਸਿੰਘ ਖ਼ਾਲਸਾ, ਰਾਜੂ ਠੇਕੇਦਾਰ, ਰਾਜੂ ਜੌੜਾ, ਦਵਿੰਦਰ ਮਿੱਤਲ, ਹਰਬੰਸ ਸਿੰਘ ਠੇਕੇਦਾਰ, ਰਜਿੰਦਰ ਕੁਮਾਰ, ਪ੍ਰਧਾਨ ਚਰਨਜੀਤ ਸਿੰਘ ਭਿੰਡਰ, ਕਿਸਾਨ ਆਗੂ ਮੁਖਤਿਆਰ ਸਿੰਘ, ਸਰਪੰਚ ਮਲਕੀਤ ਸਿੰਘ ਬੁਰਜ ਹਮੀਰਾ, ਮੇਜਰ ਸਿੰਘ ਸੇਖੋਂ, ਮੈਂਬਰ ਪ੍ਰਗਟ ਸਿੰਘ ਬਰਾੜ, ਮੈਂਬਰ ਗੁਰਵਿੰਦਰ ਸਿੰਘ ਸੋਨੀ, ਜਗਰਾਜ ਸਿੰਘ ਰਾਜਾ, ਦਰਸ਼ਨ ਸਿੰਘ ਧਾਲੀਵਾਲ, ਸੁਖਰਾਜ ਸਿੰਘ ਰਾਜਾ ਠੇਕੇਦਾਰ, ਮੰਡੀ ਸੁਪਰਵਾਈਜ਼ਰ ਦਵਿੰਦਰ ਸਿੰਘ ਦੀਨਾਂ, ਨੰਬਰਦਾਰ ਜੋਰਾ ਸਿੰਘ, ਨੰਬਰਦਾਰ ਜਸਪ੍ਰੀਤ ਸਿੰਘ, ਨੰਬਰਦਾਰ ਨਵਪ੍ਰੀਤ ਸਿੰਘ, ਪ੍ਰਿੰਸੀਪਲ ਅਮਰਦੀਪ ਸਿੰਘ ਭੱਟੀ, ਚਮਕੌਰ ਸਿੰਘ ਕੈਨੇਡਾ ਆਦਿ ਤੋਂ ਇਲਾਵਾ ਇਲਾਕੇ ਭਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਰਣਦੀਪ ਸਿੰਘ ਰਾਓ ਨੇ ਖੇਤੀਬਾੜੀ ਮੰਤਰੀ ਪੰਜਾਬ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ, ਬਲਤੇਜ ਪਨੂੰ ਬੁਲਾਰਾ ਤੇ ਮੀਡੀਆ ਇੰਚਾਰਜ ਆਮ ਆਦਮੀ ਪਾਰਟੀ, ਐਡਵੋਕੇਟ ਜਨਰਲ ਪੰਜਾਬ ਮਨਿੰਦਰਜੀਤ ਸਿੰਘ ਬੇਦੀ, ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਵਿਧਾਇਕ ਮਨਪ੍ਰੀਤ ਸਿੰਘ ਇਆਲੀ ਵੱਲੋਂ ਭੇਜੇ ਗਏ ਸ਼ੋਕ ਮਤੇ ਪੜ੍ਹੇ। ਅੰਤ ਵਿੱਚ ਗੁਰਚਰਨ ਸਿੰਘ ਮਿੱਠੂ ਜੈਦਕਾ ਕੈਨੇਡਾ ਨੇ ਸਮਾਗਮ ਵਿੱਚ ਪਹੁੰਚੀਆਂ ਸਖਸ਼ੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਪਿੰਡ ਦੇਧਨਾ ਵਿੱਚ ਨਵੀਂ ਇਕਾਈ ਦੀ ਸਰਬਸੰਮਤੀ ਨਾਲ ਚੋਣ ਹੋਈ

ਪਾਤੜਾਂ, 17 ਫਰਵਰੀ (ਜਸਵਿੰਦਰ ਸਿੰਘ ਪਾਰਸ) - ਬਲਾਕ ਪਾਤੜਾਂ ਅਧੀਨ ਪੈਂਦੇ ਪਿੰਡ ਦੇਧਨਾ ਵਿੱਚ ਯੂਨੀਅਨ ਦੀ ਨਵੀਂ ਇਕਾਈ ਦੀ ਚੋਣ ਸਰਬਸੰਮਤੀ ਨਾਲ ਕਰਵਾਈ ਗਈ। ਇਹ ਚੋਣ ਬਲਾਕ ਪ੍ਰਧਾਨ ਅਮਰੀਕ ਸਿੰਘ ਘੱਗਾ ਦੀ ਅਗਵਾਈ ਹੇਠ ਪਿੰਡ ਦੇ ਗੁਰੂ ਘਰ ਸਾਹਿਬ ਵਿਖੇ ਸੰਪੰਨ ਹੋਈ। ਇਸ ਮੌਕੇ ਬਲਾਕ ਸਕੱਤਰ ਅਵਤਾਰ ਸਿੰਘ ਬੂਰੜ ਅਤੇ ਬਲਾਕ ਖਜ਼ਾਨਚੀ ਗੁਰਮੁੱਖ ਸਿੰਘ ਕਲਵਾਨੂੰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਕੱਠ ਵਿੱਚ ਕਿਸਾਨਾਂ ਵੱਲੋਂ ਨਵੀਂ ਇਕਾਈ ਦੀ ਚੋਣ ਕਰਦਿਆਂ ਗੁਰਸੇਵ ਸਿੰਘ ਨੂੰ ਪ੍ਰਧਾਨ, ਨਿਰਮਲ ਸਿੰਘ ਨੂੰ ਮੀਤ ਪ੍ਰਧਾਨ, ਦਰਸ਼ਨ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਜਸਪਾਲ ਸਿੰਘ ਨੂੰ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਜੈ ਭਗਵਾਨ ਲਾਡੀ, ਓਮ ਪ੍ਰਕਾਸ਼ ਅਤੇ ਹਰਿੰਦਰ ਸਿੰਘ ਨੂੰ ਖਜ਼ਾਨਚੀ, ਸੁਖਮਿੰਦਰ ਸਿੰਘ ਨੂੰ ਪ੍ਰਚਾਰ ਸਕੱਤਰ, ਬੀਰ ਸਿੰਘ ਨੂੰ ਸੰਗਠਨ ਸਕੱਤਰ ਅਤੇ ਸੁਖਮਿੰਦਰ ਸਿੰਘ ਚੁਣੇ ਗਏ। ਨਵੀਂ ਚੁਣੀ ਇਕਾਈ ਨੇ ਕਿਸਾਨੀ ਮਸਲਿਆਂ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਅਤੇ ਕਿਸਾਨ ਹੱਕਾਂ ਦੀ ਰੱਖਿਆ ਲਈ ਹਮੇਸ਼ਾ ਤਿਆਰ ਰਹਿਣ ਦਾ ਭਰੋਸਾ ਦਿੱਤਾ।

ਹੇਮਕੁੰਟ ਸਕੂਲ ਦੀਆਂ ਵਿਦਿਆਰਥਣਾਂ ਨੂੰ ਦਿੱਤੀ ਗਈ ਵਿਦਾਇਗੀ ਪਾਰਟੀ

ਹੇਮਕੁੰਟ ਸਕੂਲ ਵਿੱਚ ਵਿਦਾਇਗੀ ਪਾਰਟੀ ਸਮਾਰੋਹ ਧੂਮ-ਧਾਮ ਨਾਲ ਸੰਪੰਨ

ਕੋਟ ਈਸੇ ਖਾਂ 17 ਫਰਵਰੀ (ਅਰੋੜਾ) ਸ੍ਰੀ ਹੇਮਕੁੰਟ ਸੀਨੀ.ਸੈਕੈ.ਸਕੂਲ ਜੋ ਕਿ ਉੱਚ ਦਰਜੇ ਦੀ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਚਰਿੱਤਰ ਨਿਰਮਾਣ,ਆਤਮ ਵਿਸ਼ਵਾਸ਼ ਅਤੇ ਸੰਸਕਾਰਾਂ ਦੇ ਵਿਕਾਸ ਲਈ ਪ੍ਰਸਿੱਧ ਹੈ । ਸਕੂਲ ਵਿੱਚ ਗਿਆਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਦੁਆਰਾ ਬਾਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਲਈ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ ।ਪ੍ਰੋਗਰਾਮ ਵਿੱਚ ਵੱਖ-ਵੱਖ ਤਰ੍ਹਾਂ ਗੇਮਾਂ ਤੇ ਡਾਂਸ ਨਾਲ ਵਿਦਿਆਰਥਣਾਂ ਨੇ ਸਭ ਦਾ ਮੰਨੋਰੰਜਨ ਕੀਤਾ ।ਇਸ ਪ੍ਰੋਗਰਾਮ ਵਿੱਚ ਸ੍ਰੀ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ: ਕੁਲਵੰਤ ਸਿੰਘ ਸੰਧੂ ਅਤੇ ਐੱਮ.ਡੀ.ਮੈਡਮ ਸ੍ਰੀਮਤੀ ਰਣਜੀਤ ਕੌਰ ਸੰਧੂ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੇ ।ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੁਆਰਾ ਅਧਿਆਪਕਾਂ ਲਈ ਮਨੋਰੰਜਕ ਖੇਡਾਂ ਵੀ ਕਰਵਾਈਆਂ ਗਈਆਂ,ਜਿਨ੍ਹਾਂ ਨੇ ਸਮਾਰੋਹ ਨੂੰ ਹੋਰ ਵੀ ਰੋਣਕ-ਮਈ ਬਣਾ ਦਿੱਤਾ ।ਇਸ ਮੌਕੇ 'ਤੇ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੂੰ ਟਾਈਟਲ ਅਤੇ ਯਾਦਗਰੀ ਤੋਹਫੇ ਵੀ ਭੇਂਟ ਕੀਤੇ ।ਮਿਸ ਫੇਅਰਵੈੱਲ ਦਾ ਅਵਾਰਡ ਮਿਸ ਗਗਨਦੀਪ ਕੌਰ, ਦੂਸਰਾ ਸਥਾਨ ਹੈਵਨਪ੍ਰੀਤ ਕੌਰ,ਮਿਸ ਚਾਰਮਿੰਗ ਮਹਿਕਪ੍ਰੀਤ ਕੌਰ,ਮਿਸ ਪਰਸਨੈਲਟੀ ਮੰਨਤ,ਮਿਸ ਟਲੈਂਟਡ ਮਹਿਕਪ੍ਰੀਤ ਕੌਰ,ਮਿਸ ਵਰਸੇਟਾਇਲ ਅੰਜਨੀ ਨੂੰ ਮਿਲਿਆ ।ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ: ਕੁਲਵੰਤ ਸਿੰਘ ਸੰਧੂ ਅਤੇ ਐੱਮ.ਡੀ.ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ

ਬੋਰਡ ਦੇ ਇਮਤਿਹਾਨਾਂ ਲਈ ਮਿਹਨਤ ਕਰਨ,ਸਮੇਂ ਦੀ ਕਦਰ ਕਰਨ ਅਤੇ ਆਤਮ ਵਿਸ਼ਵਾਸ਼ ਨਾਲ ਵੱਗੇ ਵੱਧਣ ਦੀ ਪ੍ਰੇਰਨਾ ਦਿੱਤੀ ।ਉਨ੍ਹਾਂ ਨੇ ਕਿਹਾ ਕਿ ਸਫਲਤਾ ਲਈ ਲਗਨ ਅਤੇ ਅਨੁਸ਼ਾਸ਼ਨ ਬਹੁਤ ਜ਼ਰੂਰੀ ਹਨ। ।ਸਕੂਲ ਦੇ ਸਟਾਫ ਨੂੰ ਮੇਨੈਜਮੈਂਟ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸਾਰੇ ਪ੍ਰੋਗਰਾਮ ਨੂੰ ਨਪੇਰੇ ਚੜ੍ਹਾਉਣ ਦਾ ਸਿਹਰਾ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੂੰ ਜਾਂਦਾ ਹੈ ।ਪ੍ਰਿੰਸੀਪਲ ਮੈਡਮ ਨੇ ਆਪਣੇ ਆਸ਼ੀਰਵਾਦ ਭਰੇ ਸ਼ਬਦਾ ਵਿੱਚ ਵਿਦਿਆਰਥਣਾਂ ਨੂੰ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ।ਉਹਨਾਂ ਨੇ ਕਿਹਾ ਕਿ ਸਕੂਲ ਹਮੇਸ਼ਾ ਵਿਦਿਆਰਥੀਆਂ ਦੀਆਂ ਉਪਲਬਧੀਆਂ ਤੇ ਮਾਣ ਕਰਦਾ ਹੈ ਉਹਨਾਂ ਨੂੰ ਜੀਵਨ ਵਿੱਚ ਉਚਾਈਆਂ ਛੂਹਣ ਲਈ ਪ੍ਰੇਰਿਤ ਕਰਦਾ ਰਹੇਗਾ ।ਸਮਾਰੋਹ ਦੇ ਅੰਤ ਵਿੱਚ ਬਾਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਨੇ ਆਪਣੇ ਅਨੁਭਵ ਸਾਂਝੇ ਕੀਤੇ ਅਤੇ ਸਕੂਲ ਪ੍ਰਬੰਧਨ ਅਤੇ ਅਧਿਅਪਕਾਂ ਦਾ ਧੰਨਵਾਦ ਕੀਤਾ। ਵਿਦਿਆਰਥੀਆਂ ਨੇ ਫੇਅਰਵੈੱਲ ਸਾਮਰੋਹ ਦਾ ਖੂਬ ਆਨੰਦ ਮਾਣਿਆ ,ਇਹ ਸਮਾਰੋਹ ਖੁਸ਼ੀਆਂ ਅਤੇ ਭਾਵੁਕ ਪਲਾਂ ਨਾਲ ਭਰਪੂਰ ਰਿਹਾ ।ਗਿਆਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਨੇ ਬਾਰ੍ਹਵੀਂ ਕਲਾਸ ਦੀਆਂ ਵਿਦਿਆਰਥਣਾਂ ਨੂੰ ਭਿੱਜੀਆਂ ਅੱਖਾਂ ਨਾਲ ਵਿਦਾਇਗੀ ਦਿੱਤੀ।

ਨੈਸ਼ਨਲ ਮਿਸ਼ਨ ਆਨ ਏਡੀਬਲ ਆਇਲ ਆਇਲਸੀਡਜ਼ ਅਧੀਨ ਸਰਕਲ ਬਧਾਈ ਵਿੱਚ ਫਾਰਮਰ ਫ਼ੀਲਡ ਸਕੂਲ ਦਾ ਆਯੋਜਨ ਕੀਤਾ ਗਿਆ

ਸ੍ਰੀ ਮੁਕਤਸਰ ਸਾਹਿਬ, 17 ਫਰਵਰੀ: (ਮਾਲਵਾ ਬਾਣੀ)- ਮੁੱਖ ਖੇਤੀਬਾੜੀ ਅਫਸਰ, ਸ੍ਰੀ ਮੁਕਤਸਰ ਸਾਹਿਬ ਡਾ. ਜਗਸੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾ ਅਤੇ ਸਹਾਇਕ ਪੌਦਾ ਸੁਰੱਖਿਆ ਅਫਸਰ, ਸ੍ਰੀ ਮੁਕਤਸਰ ਸਾਹਿਬ ਡਾ. ਰਾਜਵਿੰਦਰ ਸਿੰਘ ਦੀ ਅਗਵਾਹੀ ਹੇਠ ਬਲਾਕ ਸ੍ਰੀ ਮੁਕਤਸਰ ਸਾਹਿਬ ਅਧੀਨ ਪੈਂਦੇ ਪਿੰਡ ਅਤੇ ਸਰਕਲ ਬਧਾਈ ਵਿਖੇ (ਆਇਲ ਸੀਡ) ਸਕੀਮ ਅਧੀਨ ਫਾਰਮਰ ਫ਼ੀਲਡ ਸਕੂਲ ਦਾ ਆਯੋਜਨ ਕੀਤਾ ਗਿਆ। ਡਾ. ਸ਼ਵਿੰਦਰ ਸਿੰਘ, ਏ.ਡੀ.ਓ(ਜ.ਕ) ਵੱਲੋਂ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਗਿਆ ਕਿ ਨੈਸ਼ਨਲ ਮਿਸ਼ਨ ਆਨ ਐਡੀਬਲ ਆਇਲਜ਼-ਆਇਲਸੀਡਜ਼ ਇੱਕ ਕੇਂਦਰੀ ਸਪਾਂਸਰਡ ਸਕੀਮ ਹੈ ਜਿਸਦਾ ਉਦੇਸ਼ ਖਾਣ ਵਾਲੇ ਤੇਲ ਦੇ ਉਤਪਾਦਨ ਵਿੱਚ ਭਾਰਤ ਨੂੰ ਆਤਮ-ਨਿਰਭਰ ਬਣਾਉਣਾ ਹੈ। ਇਹ ਮਿਸ਼ਨ ਸਾਲ 2024-25 ਤੋਂ 2030-31 ਤੱਕ 7 ਸਾਲਾਂ ਲਈ ਚਲਾਇਆ ਜਾ ਰਿਹਾ ਹੈ, ਜਿਸਦਾ ਕੁੱਲ ਬਜਟ ?10,103 ਕਰੋੜ ਹੈ। ਪੰਜਾਬ ਵਿੱਚ ਹਾੜੀ 2025-26 ਦੌਰਾਨ ਸਰ੍ਹੋਂ ਦੇ ਪ੍ਰਦਰਸ਼ਨ ਪਲਾਟਾਂ ਲਈ ਵਾਧੂ ਫੰਡ ਮਨਜ਼ੂਰ ਕੀਤੇ ਗਏ ਹਨ। ਮਿਸ਼ਨ ਦਾ ਟੀਚਾ 2030-31 ਤੱਕ ਤੇਲ ਬੀਜਾਂ ਦਾ ਉਤਪਾਦਨ 39 ਮਿਲੀਅਨ ਟਨ ਤੋਂ ਵਧਾ

ਕੇ 69.7 ਮਿਲੀਅਨ ਟਨ ਕਰਨਾ ਹੈ। (ਆਇਲ ਸੀਡ) ਸਕੀਮ ਤਹਿਤ ਉਹਨਾਂ ਸਰੋਂ ਅਤੇ ਵੱਖ-ਵੱਖ ਤੇਲ ਬੀਜਾਂ ਦੀ ਕਾਸ਼ਤ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ। ਇਸ ਕੈਂਪ ਵਿੱਚ ਡਾ.ਹਰਮਨਦੀਪ ਸਿੰਘ, ਏ.ਡੀ.ਓ., ਸਰਕਲ ਬਧਾਈ ਨੇ ਮਿੱਟੀ ਪਾਣੀ ਪਰਖ ਦੀ ਮਹੱਤਤਾ ਅਤੇ ਸੈਂਪਲ ਲੈਣ ਦੀ ਵਿਧੀ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ । ਉਹਨਾਂ ਮਿੱਟੀ ਦੇ ਕਾਲੇ ਸ਼ੋਰੇ ਦੇ ਸੁਧਾਰ ਲਈ ਜਿਪਸਮ ਦੀ ਵਰਤੋਂ ਕਰਨ ਦੀ ਸਿਫਾਰਿਸ਼ ਕੀਤੀ, ਜਿਸਨੂੰ ਚਾਹਵਾਨ ਕਿਸਾਨ 50 ਪ੍ਰਤੀਸ਼ਤ ਸਬਸਿਡੀ ਤੇ ਵਿਭਾਗ ਪਾਸੋਂ ਪ੍ਰਾਪਤ ਕਰ ਸਕਦੇ ਹਨ 9 ਉਹਨਾ ਵੱਲੋ ਕਿਸਾਨਾਂ ਨੂੰ ਦੱਸਿਆ ਗਿਆ ਕਿ ਨਰਮੇ ਦੀ ਗੁਲਾਬੀ ਸੁੰਡੀ ਛਿਟੀਆਂ ਦੇ ਢੇਰਾਂ ਵਿਚ ਅੱਧ-ਖਿੜੇ ਟੀਡਿਆਂ ਵਿੱਚ ਅਜੇ ਵੀ ਮੌਜੂਦ ਹੈ। ਇਸ ਕਰਕੇ ਇਹ ਬਹੁਤ ਜਰੂਰੀ ਹੋ ਜਾਂਦਾ ਹੈ ਕਿ ਅਸੀ ਛਿਟੀਆਂ ਦੇ ਢੇਰਾਂ ਨੂੰ ਝਾੜ ਕੇ ਰੱਖੀਏ ਅਤੇ ਅੱਧ-ਖਿੜੇ ਟੀਡਿਆਂ ਨੂੰ ਨਸ਼ਟ ਕਰ ਦਈਏ ਜਾਂ ਛਿਟੀਆਂ ਨਰਮੇ ਦੀ ਬਿਜਾਈ ਤੋ ਪਹਿਲਾਂ-ਪਹਿਲਾਂ ਵਰਤ ਲਈਆ ਜਾਣ ਤਾ ਜੋ ਫਸਲ ਨੂੰ ਗੁਲਾਬੀ ਸੁੰਡੀ ਦੇ ਹਮਲੇ ਤੋ ਬਚਾਇਆ ਜਾ ਸਕੇ। ਨਵਦੀਪ ਕੌਰ ਏ.ਐਸ.ਆਈ. ਸਰਕਲ ਬਧਾਈ ਨੇ ਆਏ ਹੋਏ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿੱਧੀ ਯੋਜਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਈ.ਕੇ.ਵਾਈ.ਸੀ ਕਰਵਾਉਣ ਲਈ ਜਾਗਰੂਕ ਕੀਤਾ ਅਤੇ ਇਸ ਸਕੀਮ ਅਧੀਨ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਅਤੇ ਉਹਨਾਂ ਦੇ ਉਚਿੱਤ ਹੱਲ ਸੰਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ । ਇਸ ਟਰੇਨਿੰਗ ਦਾ ਸਾਰਾ ਪ੍ਰਬੰਧ ਸਵਰਨਜੀਤ ਸਿੰਘ, ਏ.ਟੀ.ਐਮ(ਆਤਮਾ) ਅਤੇ ਦੀਪਇੰਦਰ ਸਿੰਘ, ਸੇਵਦਾਰ ਵੱਲੋਂ ਕੀਤਾ ਗਿਆ । ਇਸ ਮੌਕੇ ਆਪ ਆਗੂ ਰੁਪਿੰਦਰ ਸਿੰਘ (ਡਾਇਰੈਕਟਰ ਕੋ-ਅਪ੍ਰੇਟਿਵ ਬੈਂਕ), ਸੋਹਨ ਸਿੰਘ, ਪਿੰਡ ਦੇ ਮੌਜੂਦਾ ਸਰਪੰਚ ਸਿਕੰਦਰ ਸਿੰਘ ਅਤੇ ਹੋਰ ਕਿਸਾਨ ਹਾਜ਼ਰ ਸਨ। ਇਸ ਤੋਂ ਇਲਾਵਾ, ਅੰਤ ਵਿੱਚ ਆਤਮਾ ਸਕੀਮ ਅਧੀਨ ਚੂਹੇਮਾਰ ਦਵਾਈ ਗੇਜ਼ ਵਿਚ ਰਲਾ ਕੇ ਕਿਸਾਨਾਂ ਨੂੰ ਵੰਡੀ ਗਈ।

ਸਰਕਾਰੀ ਹਾਈ ਸਕੂਲ ਗੰਭੀਰਪੁਰ ਵਿਖੇ ਵਾਤਾਵਰਨ ਸਿੱਖਿਆ ਪ੍ਰੋਗਰਾਮ ਸੰਬੰਧੀ ਵਰਕਸ਼ਾਪ ਲਗਾਈ

**ਸ੍ਰੀ ਅਨੰਦਪੁਰ ਸਾਹਿਬ 17 ਫਰਵਰੀ (ਸੈਣੀ ਨਿੱਕੂਵਾ

ਸਿਵਲ ਹਸਪਤਾਲ ਨਾਭਾ ਦੀ ਨਵੀਂ ਬਿਲਡਿੰਗ ਬਣੀ ਸਫੇਦ ਹਾਥੀ

ਨਾਭਾ ਨਿਵਾਸੀਆਂ ਨੇ ਲੋਕਾਂ ਦੀ ਸਹੂਲਤ ਲਈ ਜੱਚਾ ਬੱਚਾ ਵਿਭਾਗ ਦੀ ਨਵੀਂ ਬਿਲਡਿੰਗ ਜਲਦ ਸ਼ੁਰੂ ਕਰਨ ਦੀ ਕੀਤੀ ਮੰਗ

ਨਾਭਾ 17 ਫਰਵਰੀ (ਅਮਨ ਗਰਗ)- ਜਿੱਥੇ ਪੰਜਾਬ ਸਰਕਾਰ ਦਾਅਵਾ ਕਰਦੀ ਹੈ ਕਿ ਪੰਜਾਬ ਦੇ ਸਰਕਾਰੀ ਹਸਪਤਾਲ ਨਿੱਜੀ ਹਸਪਤਾਲਾਂ ਨਾਲੋਂ ਬਿਹਤਰ ਹਨ, ਉੱਥੇ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੇ ਇਲਾਜ ਲਈ ਮੋਹਾਲੀ ਦੇ ਇੱਕ ਨਿੱਜੀ ਹਸਪਤਾਲ ਜਾਣਾ ਪਿਆ। ਸਵਾਲ ਇਹ ਹੈ ਕਿ ਕੀ ਮੁੱਖ ਮੰਤਰੀ ਨੇ ਪੰਜਾਬ ਵਿੱਚ ਇੱਕ ਸਰਕਾਰੀ ਹਸਪਤਾਲ ਨਹੀਂ ਬਣਾਇਆ ਜਿੱਥੇ ਮੁੱਖ ਮੰਤਰੀ ਖੁਦ ਇਲਾਜ ਕਰਵਾ ਸਕਣ? ਨਾਭਾ ਦੇ ਲੋਕਾਂ ਵੱਲੋਂ ਵੀ ਇਸੇ ਤਰ੍ਹਾਂ ਦੇ ਸਵਾਲ ਉਠਾਏ ਗਏ ਹਨ, ਜੋ ਦਾਅਵਾ ਕਰਦੇ ਹਨ ਕਿ ਪੰਜਾਬ ਵਿੱਚ ਕੋਈ ਸਰਕਾਰੀ ਹਸਪਤਾਲ ਨਹੀਂ ਹੈ ਜਿੱਥੇ ਮੰਤਰੀ ਅਤੇ ਮੁੱਖ ਮੰਤਰੀ ਇਲਾਜ ਕਰਵਾ ਸਕਣ। ਇਸ ਤੋਂ ਇਲਾਵਾ, ਜਦੋਂ ਨਾਭਾ ਸਿਵਲ ਹਸਪਤਾਲ ਦੀ ਗੱਲ ਆਉਂਦੀ ਹੈ, ਤਾਂ ਲੋਕਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਪਿਛਲੀ ਸਰਕਾਰ ਵੱਲੋਂ ਜਣੇਪਾ ਵਿਭਾਗ ਲਈ ਬਣਾਈ ਗਈ ਇਮਾਰਤ ਵੀ ਫੰਡਾਂ ਦੀ ਘਾਟ ਕਾਰਨ ਬੰਦ ਪਈ ਹੈ। ਸਰਕਾਰ ਨੇ ਅਜੇ ਤੱਕ ਇਮਾਰਤ ਦੇ ਬਾਹਰ ਲੱਗੇ ਤਾਲੇ ਨਹੀਂ ਖੋਲ੍ਹੇ ਹਨ। ਹਸਪਤਾਲ ਵਿੱਚ ਇਲਾਜ ਕਰਵਾਉਣ ਵਾਲੇ ਲੋਕ ਅਤੇ ਸੋਸ਼ਲ ਮੀਡੀਆ 'ਤੇ ਸਰਕਾਰ ਨੂੰ ਸਵਾਲ ਕਰਨ ਵਾਲੇ ਲੋਕ ਹਸਪਤਾਲ ਦੇ ਬਾਹਰ ਇਕੱਠੇ ਹੋਏ ਹਨ, ਜੋ ਸਰਕਾਰੀ ਹਸਪਤਾਲਾਂ ਦੀਆਂ ਕਮੀਆਂ ਨੂੰ ਉਜਾਗਰ ਕਰਦੇ ਹਨ। ਉਨ੍ਹਾਂ ਦਾ ਦਾਅਵਾ ਹੈ ਕਿ ਨਾਭਾ ਸਿਵਲ ਹਸਪਤਾਲ ਦੀ ਨਵੀਂ ਇਮਾਰਤ ਪਿਛਲੇ ਸਾਢੇ ਚਾਰ ਸਾਲਾਂ ਤੋਂ ਫੰਡਾਂ ਦੀ ਘਾਟ ਕਾਰਨ ਬੰਦ ਹੈ ਅਤੇ ਇਸਨੂੰ ਤੁਰੰਤ ਦੁਬਾਰਾ ਖੋਲ੍ਹਿਆ ਜਾਣਾ ਚਾਹੀਦਾ ਹੈ। ਦੂਜਾ, ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਤੋਂ ਸਰਕਾਰੀ ਹਸਪਤਾਲ ਵਿੱਚ ਇਲਾਜ ਕਰਵਾਉਣ ਦੀ ਅਸਮਰੱਥਾ ਬਾਰੇ ਵੀ ਸਵਾਲ ਉਠਾਏ। ਜੇਕਰ ਮੁੱਖ ਮੰਤਰੀ ਨੂੰ ਖੁਦ ਸਰਕਾਰੀ ਹਸਪਤਾਲਾਂ 'ਤੇ ਭਰੋਸਾ ਨਹੀਂ ਹੈ, ਤਾਂ ਪੰਜਾਬ ਦੇ ਲੋਕ ਅਜਿਹਾ ਕਿਵੇਂ ਕਰ ਸਕਦੇ ਹਨ?

ਇਸ ਮੁੱਦੇ 'ਤੇ ਬੋਲਦਿਆਂ, ਇਲਾਜ ਲਈ ਆਏ ਮਰੀਜ਼ਾਂ ਨੇ ਕਿਹਾ ਕਿ ਉਨ੍ਹਾਂ ਨੂੰ ਸਰਕਾਰੀ ਹਸਪਤਾਲ ਵਿੱਚ ਇਲਾਜ ਕਰਵਾਉਣ ਲਈ ਘੰਟਿਆਂਬੱਧੀ ਇੰਤਜ਼ਾਰ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਨਾਭਾ ਹਸਪਤਾਲ ਵਿੱਚ ਮਰੀਜ਼ਾਂ ਲਈ ਕੋਈ ਸਹੂਲਤ ਨਹੀਂ ਹੈ। ਸਮਾਜਿਕ ਕਾਰਕੁਨ ਹਰਿੰਦਰ ਸਿੰਘ, ਜਗਦੀਸ਼ ਬੱਤਾ, ਪ੍ਰੋਫੈਸਰ ਬਲਵਿੰਦਰ ਬੜੈਚ ਅਤੇ ਰਾਜੇਸ਼ ਢੀਂਗਰਾ, ਜਿਨ੍ਹਾਂ ਨੇ ਪੰਜਾਬ ਸਰਕਾਰ ਵਿਰੁੱਧ ਆਵਾਜ਼ ਬੁਲੰਦ ਕੀਤੀ ਹੈ, ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਉਨ੍ਹਾਂ ਦਾ ਕਿਸੇ ਵੀ ਸਰਕਾਰੀ ਹਸਪਤਾਲ ਵਿੱਚ ਇਲਾਜ ਕਰਵਾਉਣ ਤੋਂ ਇਨਕਾਰ ਕਰਨਾ ਪੰਜਾਬ ਵਿੱਚ ਸਿਹਤ ਸੰਭਾਲ 'ਤੇ ਸਰਕਾਰ ਦੀ ਪ੍ਰਗਤੀ ਦੀ ਘਾਟ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਨਾਭਾ ਦੀ ਇਮਾਰਤ ਪਿਛਲੇ ਸਾਢੇ ਚਾਰ ਸਾਲਾਂ ਤੋਂ ਫੰਡਾਂ ਦੀ ਘਾਟ ਕਾਰਨ ਬੰਦ ਹੈ, ਜੋ ਕਿ ਸਿਹਤ ਸੰਭਾਲ ਵੱਲ ਸਰਕਾਰ ਦੀ ਧਿਆਨ ਦੀ ਘਾਟ ਨੂੰ ਦਰਸਾਉਂਦੀ ਹੈ। ਉਨ੍ਹਾਂ ਸਰਕਾਰ ਦੇ ਇਸ਼ਤਿਹਾਰਬਾਜ਼ੀ 'ਤੇ ਵੀ ਸਵਾਲ ਉਠਾਉਂਦੇ ਹੋਏ ਕਿਹਾ ਕਿ ਜੇਕਰ ਸਰਕਾਰ ਇਸ਼ਤਿਹਾਰਬਾਜ਼ੀ ਦੀ ਬਜਾਏ ਇਹ ਫੰਡ ਸਿਹਤ ਸੰਭਾਲ ਲਈ ਅਲਾਟ ਕਰਦੀ ਹੈ, ਤਾਂ ਲੋਕ ਸਿਹਤ ਸੰਭਾਲ ਤੱਕ ਪਹੁੰਚ ਕਰ ਸਕਣਗੇ।

ਮੁੱਖ ਵਿਰੋਧੀ ਪਾਰਟੀ, ਸ਼੍ਰੋਮਣੀ ਅਕਾਲੀ ਦਲ ਦੇ ਨਾਭਾ ਹਲਕਾ ਇੰਚਾਰਜ ਮਛਨ ਸਿੰਘ ਲਾਲਕਾ ਨੇ ਵੀ ਪੰਜਾਬ ਦੇ ਮੰਤਰੀ ਦੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ 'ਤੇ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੇ ਪੰਜਾਬ ਵਿੱਚ ਕੋਈ ਸਰਕਾਰੀ ਹਸਪਤਾਲ ਨਹੀਂ ਬਣਾਇਆ ਜਿੱਥੇ ਉਨ੍ਹਾਂ ਦਾ ਇਲਾਜ ਹੋ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦੀ ਕਹਿਣੀ ਅਤੇ ਕਰਨੀ ਵਿੱਚ ਬਹੁਤ ਵੱਡਾ ਪਾੜਾ ਹੈ, ਅਤੇ ਪੰਜਾਬ ਦੇ ਲੋਕ ਦੁੱਖ ਝੱਲ ਰਹੇ ਹਨ।

ਵਿਧਾਇਕ ਫੌਜਾ ਸਿੰਘ ਸਰਾਰੀ ਨੇ ਬਸਤੀ ਸਾਹਨ ਕੇ ਗ੍ਰਾਮ ਪੰਚਾਇਤ ਨੂੰ ਪੰਜ ਲੱਖ ਦਾ ਸੌਂਪਿਆ ਚੈੱਕ

ਗੁਰੂਹਰਸਹਾਏ,17 ਫਰਵਰੀ (ਗੁਰਮੇਲ ਵਾਰਵਲ) ਸੂਬੇ ਦੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਪੰਚਾਇਤੀ ਚੋਣਾਂ ਦੌਰਾਨ ਪਿੰਡਾ ਅੰਦਰ ਵੱਧ ਤੋਂ ਵੱਧ ਸਰਵਸੰਮਤੀਆ ਕਰਨ ਦੀ ਅਪੀਲ ਕੀਤੀ ਗਈ ਸੀ ਤੇ ਸਰਵਸੰਮਤੀ ਨਾਲ ਬਣੀਆਂ ਪੰਚਾਇਤਾ ਨੂੰ ਅਲੱਗ ਤੋਂ ਪੰਜ ਲੱਖ ਰੁਪਏ ਦੀ ਵਿੱਤੀ ਗ੍ਰਾਂਟ ਦੇਣ ਦਾ ਵਾਅਦਾ ਕੀਤਾ ਗਿਆ ਸੀ ਜੋ ਪੂਰਾ ਕੀਤਾ ਜਾ ਰਿਹਾ ਹੈ ਇਹ ਪ੍ਰਗਟਾਵਾ ਹਲਕਾ ਵਿਧਾਇਕ ਸ੍ਰ ਫੌਜਾ ਸਿੰਘ ਸਰਾਰੀ ਨੇ ਹਲਕੇ ਦੇ ਵੱਖ ਬਸਤੀ ਸਾਹਨ ਕੇ ਵਿਖੇ ਪਿੰਡ ਦੀ ਗ੍ਰਾਮ ਪੰਚਾਇਤ ਨੂੰ ਪੰਜ ਲੱਖ ਰੁਪਏ ਗ੍ਰਾਂਟ ਦਾ ਚੈੱਕ ਸੌਪਣ ਮੌਕੇ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ੍ਰ ਫੌਜਾ ਸਿੰਘ ਸਰਾਰੀ ਨੇ ਦੱਸਿਆ ਕਿ ਹਲਕੇ ਦੇ ਵੱਖ ਵੱਖ ਪਿੰਡਾਂ ਵਿੱਚ ਸਰਵਸੰਮਤੀ ਨਾਲ ਬਣੀਆਂ ਪੰਚਾਇਤਾ ਨੂੰ ਪੰਜ ਪੰਜ ਲੱਖ ਰੁਪਏ ਦੇ ਚੈੱਕ ਵੰਡੇ ਗਏ ਹਨ ਉਨ੍ਹਾਂ ਕਿਹਾ ਕਿ ਬਸਤੀ ਸਾਹਣ ਕੇ ਦੀ ਸਮੁੱਚੀ ਗ੍ਰਾਮ ਪੰਚਾਇਤ ਨੂੰ ਪੰਜ ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ ਹੈ। ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਬਸਤੀ ਸਾਹਨ ਕੇ ਦੀ ਸਮੁੱਚੀ ਗ੍ਰਾਮ ਪੰਚਾਇਤ ਵਧਾਈ ਦੀ ਪਾਤਰ ਹੈ ਜਿਸ ਵਲੋਂ ਪਿੰਡ ਦੇ ਵਿਕਾਸ ਕਾਰਜਾਂ ਨੂੰ ਮੁੱਖ ਰੱਖਦੇ ਹੋਏ ਪਹਿਲ ਕਦਮੀ ਕੀਤੀ ਗਈ ਹੈ। ਇਸ ਮੌਕੇ ਨਿੱਜੀ ਸਕੱਤਰ ਬਚਿੱਤਰ ਸਿੰਘ ਲਾਡੀ, ਪਰਮਿੰਦਰ ਸਿੰਘ ਬੀਡੀਪੀਓ ਗੁਰੂ ਹਰਸਹਾਏ, ਲਵਸੁਮਿਤ ਸਿੰਘ ਜਈ, ਸਰਪੰਚ ਸੋਮਾ ਰਾਣੀ ਪਤਨੀ ਬਲਵਿੰਦਰ ਸਿੰਘ, ਜਗਦੀਸ਼ ਸਿੰਘ ਮੈਂਬਰ ਪੰਚਾਇਤ, ਪ੍ਰਕਾਸ਼ ਸਿੰਘ ਮੈਂਬਰ ਪੰਚਾਇਤ, ਗੁਰਮੀਤ ਸਿੰਘ ਮੈਂਬਰ ਪੰਚਾਇਤ, ਛਿੰਦਰਪਾਲ ਕੌਰ ਪੰਚਾਇਤ ਮੈਂਬਰ, ਆਪ ਆਗੂ ਸੰਦੀਪ ਛਿੱਲੀਆਂ, ਆਦਿ ਵੱਖ ਵੱਖ ਪਿੰਡਾਂ ਦੇ ਸਰਪੰਚ ਪੰਚ ਅਤੇ ਵਲੰਟੀਅਰ ਮੌਜੂਦ ਸਨ।

ਅਦਾਲਤ ਵੱਲੋਂ ਠੱਗੀ ਅਤੇ ਜਾਅਲੀ ਦਸਤਾਵੇਜਾਂ ਦੇ ਮਾਮਲੇ ਵਿੱਚੋਂ ਬਰੀ

ਕੋਟਕਪੂਰਾ, 16 ਫਰਵਰੀ (ਟਿੰਕੂ ਕੁਮਾਰ) :- ਅਡੀਸ਼ਨਲ ਸੈਸ਼ਨ ਜੱਜ ਮੋਗਾ ਵਲੋਂ ਠੱਗੀ ਅਤੇ ਜਾਅਲੀ ਦਸਤਾਵੇਜਾਂ ਦੇ ਦੋਸ਼ ਹੇਠ ਸਜਾ ਹੋਏ ਦੋਸ਼ੀਆਂ ਦੀ ਅਪੀਲ ਨੂੰ ਮਨਜੂਰ ਕਰਦੇ ਹੋਏ ਦੋਸ਼ੀ ਨੂੰ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ। ਦੋਸ਼ੀਆਂ ਖਿਲਾਫ਼ ਮੁਕੱਦਮਾ ਨੰਬਰ 135/2008 ਜ਼ੇਰੇ ਅਧੀਨ ਧਾਰਾ 218/420/465/467/468/471/120 ਬੀ ਆਈ.ਪੀ.ਸੀ. ਥਾਣਾ ਸਿਟੀ ਮੋਗਾ ਦਰਜ ਹੋਇਆ ਸੀ, ਜਿਸ ਵਿਚ ਦੋਸ਼ੀਆਂ ਖਿਲਾਫ ਇਲਜ਼ਾਮ ਸਨ ਕਿ ਦੋਸ਼ੀਆਂ ਨੇ ਆਪਸੀ ਸਾਜਬਾਜ ਹੋ ਕੇ ਜਾਅਲੀ ਦਸਤਾਵੇਜ ਤਿਆਰ ਕਰਨ ਦਾ ਦੋਸ਼ ਲਗਾਇਆ ਗਿਆ ਸੀ, ਉਕਤ ਮੁਕੱਦਮੇ ਵਿਚ ਬਲਵਿੰਦਰ ਸਿੰਘ ਅਤੇ ਬਾਕੀ ਦੋਸ਼ੀਆਂ 'ਤੇ ਪਰਚਾ ਦਰਜ ਹੋਇਆ ਸੀ, ਜਿਸ ਦੌਰਾਨੇ ਕੇਸ ਸੁਣਵਾਈ ਅਡੀਸ਼ਨਲ ਚੀਫ ਮੈਜਿਸਟਰੇਟ ਮੋਗਾ ਵਲੋਂ ਦੋਸ਼ੀਆਂ ਨੂੰ ਤਿੰਨ ਸਾਲ ਦੀ ਕੈਦ ਦੀ ਸਜਾ ਸੁਣਾਈ ਗਈ ਸੀ, ਉਸ ਉਪਰੰਤ ਦੋਸ਼ੀ ਬਲਵਿੰਦਰ ਸਿੰਘ ਦੇ ਵਕੀਲਾਂ ਅਜੀਤ ਵਰਮਾ ਅਤੇ ਆਸ਼ੀਸ਼ ਗਰੋਵਰ ਉਕਤ ਫੈਸਲੇ ਦੀ ਅਪੀਲ ਦਾਇਰ ਕੀਤੀ ਗਈ ਅਤੇ ਦੌਰਾਨੇ ਅਪੀਲ ਦੋਸ਼ੀ ਬਲਵਿੰਦਰ ਸਿੰਘ ਦੇ ਵਕੀਲ ਸਾਹਿਬਾਨ ਦੀਆਂ ਦਲੀਲਾਂ ਤੋ ਸਹਿਮਤ ਹੁੰਦੇ ਹੋਏ ਦੋਸ਼ੀ ਦੀ ਅਪੀਲ ਮਨਜੂਰ ਅਤੇ ਦੋਸ਼ੀ ਨੂੰ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ।

ਇਟਲੀ ਵਿੱਚ ਸਿੱਖ ਆਗੂਆਂ ਵੱਲੋਂ ਲਾਈਫ ਏ.ਪੀ.ਐਸ ਐਸੋਸੀਏਸ਼ਨ ਦੇ ਆਗੂਆਂ ਨੂੰ ਸ੍ਰੀ ਹਰਿਮੰਦਿਰ ਸਹਿਬ ਦਾ ਮਾਡਲ ਭੇਂਟ

ਮਿਲਾਨ 17 ਫਰਵਰੀ (ਦਲਜੀਤ ਮੱਕੜ) ਫੈਡਰੇਸ਼ਨ ਯੂਨੀਅਨ ਸਿੱਖ ਇਟਲੀ ਵੱਲੋਂ ਗੁਰਦੁਆਰਾ ਸਾਹਿਬ ਸਿੰਘ ਸਭਾ ਨੋਵੇਲਾਰਾ ਵਿਖੇ ਲਾਈਫ ਏ.ਪੀ.ਐਸ ਐਸੋਸੀਏਸ਼ਨ ਨੂੰ ਸਿੱਖਾਂ ਦੇ ਧਾਰਮਿਕ ਕੇਂਦਰੀ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦਰਬਾਰ ਸਾਹਿਬ ਦੇ ਮਾਡਲ ਭੇਂਟ ਕੀਤੇ ਗਏ, ਲਾਈਫ ਏ.ਪੀ.ਐਸ ਐਸੋਸੀਏਸ਼ਨ ਜੋ ਕਿ ਇਟਲੀ ਵਿੱਚ ਨਸਲੀ, ਭਾਸ਼ਾਈ ਅਤੇ ਧਾਰਮਿਕ ਘੱਟ ਗਿਣਤੀਆਂ ਲਈ ਸਭਿਆਚਾਰਕ ਅਤੇ ਸਮਾਜਿਕ ਕਾਰਜ ਕਰਦੀ ਹੈ। ਯੂ ਐਨ ਓ ਵੱਲੋਂ ਇਸ ਐਸੋਸੀਏਸ਼ਨ ਨੂੰ ਘੱਟ ਗਿਣਤੀ ਧਰਮਾਂ ਵਾਸਤੇ ਇਟਲੀ ਦੇ ਵਿੱਚ ਅਬਜਰਵਰ ਨਿਯੁਕਤ ਕੀਤਾ ਗਿਆ ਹੈ। ਅਬਜਰਵਰੀ ਦੇ ਡਾਇਰੈਕਟਰ ਡਾਕਟਰ ਓਗਨੀਆਂ ਨੂੰ ਸੰਯੁਕਤ ਰਾਸ਼ਟਰ ਵੱਲੋਂ ਜਨੇਵਾ ਵਿਖੇ ਘੱਟ ਗਿਣਤੀ ਧਰਮਾਂ ਲਈ ਫੈਲੋ ਨਿਯੁਕਤ ਕੀਤਾ ਗਿਆ ਹੈ, ਜੋ ਕਿ ਪਿਛਲੇ 20 ਸਾਲਾਂ ਦੇ ਦੌਰਾਨ ਇਹ ਭੂਮਿਕਾ ਨਿਭਾਉਣ ਵਾਲੇ ਪਹਿਲੇ ਇਟਾਲੀਅਨ ਹਨ। ਉਹਨਾਂ ਦੇ ਇਸ ਅਹੁਦੇ ਉੱਪਰ ਹੋਣ ਦੇ ਕਰਕੇ ਬਹੁਤ ਸਾਰੀਆਂ ਧਾਰਮਿਕ ਘੱਟ ਗਿਣਤੀ ਦੀਆਂ ਕੌਮਾਂ ਸੰਯੁਕਤ ਰਾਸ਼ਟਰ ਵਿੱਚ ਪ੍ਰਭਾਵਸ਼ਾਲੀ ਪ੍ਰਤੀਨਿਧਤਾ ਕਰ ਰਹੀਆਂ ਹਨ। ਇਹ ਮਾਡਲ ਗੁਰਦੁਆਰਾ ਸਾਹਿਬ ਸਿੰਘ ਸਭਾ ਨੋਵੇਲਾਰਾ ਵਿਖੇ ਇਸ ਐਸੋਸੀਏਸ਼ਨ ਦੀ ਪ੍ਰਧਾਨ ਰੋਸਾਨਾ ਲਾਨਾਤਾ ਅਤੇ ਉਸਦੇ ਪਤੀ ਰੌਕੋ ਲਾਨਾਤਾ ਨੂੰ ਜੋ ਕਿ ਇਕ ਮਨੁੱਖੀ ਅਧਿਕਾਰ ਕਾਰਕੁਨ ਅਤੇ ਲੇਖਕ ਹਨ, ਨੂੰ ਭੇਂਟ ਕੀਤਾ ਗਿਆ।ਇਸ ਮੌਕੇ ਯੂਨੀਅਨ ਸਿੱਖ ਇਟਲੀ ਦੇ ਆਗੂ ਅਤੇ ਗੁਰਦੁਆਰਾ ਸਿੰਘ ਸਭਾ ਨੋਵੇਲਾਰਾ ਦੇ ਪ੍ਰਬੰਧਕ ਮੌਜੂਦ ਸਨ।

ਭਾਕਿਯੂ ਏਕਤਾ ਡਕੌਂਦਾ ਦੀ ਸਿੱਖਿਅਤ ਸਬੰਧੀ ਡੇਰਾ ਬਾਬਾ ਜੋਗੀਪੀਰ ਵਿਖੇ ਹੋਈ ਮੀਟਿੰਗ

ਮਾਨਸਾ 17 ਫਰਵਰੀ (ਗੋਪਾਲ ਅਕਲੀਆ) ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਮਾਨਸਾ ਜ਼ਿਲ੍ਹੇ ਦੀ ਸਿੱਖਿਅਤ ਮੀਟਿੰਗ ਬਾਬਾ ਜੋਗੀਪੀਰ ਰੱਲਾ ਵਿਖੇ ਜਿਲਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਦੀ ਅਗਵਾਈ ਵਿੱਚ ਕੀਤੀ ਗਈ। ਇਸ ਮੀਟਿੰਗ ਵਿਸ਼ੇਸ਼ ਤੌਰ ਤੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਸ਼ਮੂਲੀਅਤ ਕੀਤੀ । ਵੱਖ-ਵੱਖ ਬੁਲਾਰਿਆਂ ਵੱਲੋਂ ਜਥੇਬੰਦਕ ਢਾਂਚੇ ਦੀ ਪੁਰਾਤਨ ਸਮੇਂ ਤੋਂ ਚੱਲੀ ਆ ਰਹੀ ਜੱਦੋ ਜਹਿਦ ਬਾਰੇ ਜਾਣਕਾਰੀ ਦਿੰਦਿਆਂ ਕਿਰਤੀ ਲੋਕਾਂ ਨੂੰ ਜਥੇਬੰਦੀ ਦੇ ਅਨੁਸ਼ਾਸਨ ਅਤੇ ਕਾਰਜਕਾਰੀ ਸੇਧ ਬਾਰੇ ਜਾਣੂ ਕਰਾਇਆ। ਇਸ ਮੌਕੇ ਬੋਲਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਜਥੇਬੰਦੀ ਦੇ ਪਿਛੋਕੜ ਅਤੇ ਚਲ ਰਹੇ ਸੰਘਰਸ਼ਾਂ ਤੋਂ ਜਾਣੂ ਕਰਾਇਆ। ਉਹਨਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਕਿਰਤੀ ਲੋਕਾਂ ਲਈ ਆਪਣੀ ਹੋਂਦ ਅਤੇ ਕਿਰਤ ਦੀ ਰਾਖੀ ਲਈ ਇੱਕੋ ਇੱਕ ਢਾਂਚਾ ਜਥੇਬੰਦਕ ਢਾਂਚਾ ਹੀ ਆਖਰੀ ਆਸ ਹੈ। ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਆਗੂ ਅਤੇ ਵਰਕਰਾਂ ਨੂੰ ਸੱਤਾਧਿਰ ਵੱਲੋਂ ਬੋਲੇ ਜਾ ਰਹੇ ਹਮਲਿਆਂ ਬਿਜਲੀ ਸੋਧ ਬਿਲ 2025, ਬੀਜ ਬਿੱਲ 2025, ਚਾਰ ਕਿਰਤ ਕਾਨੂੰਨ, ਮਗਨਰੇਗਾ ਸਕੀਮ ਦਾ ਖਾਤਮਾ ਅਤੇ ਇੰਡੋ-ਅਮਰੀਕਾ ਵਪਾਰ ਸਮਝੌਤੇ ਬਾਰੇ ਜਾਣੂ ਕਰਵਾਇਆ। ਉਹਨਾਂ ਕਿਹਾ ਕਿ ਇਸ ਵਪਾਰਕ ਸਮਝੌਤੇ ਨਾਲ ਸਾਮਰਾਜੀ ਮੁਲਕਾਂ ਨੂੰ ਵੱਡੀ ਮੰਡੀ ਦੀ ਭਾਲ ਪੂਰੀ ਹੋ ਰਹੀ ਹੈ। ਉਹਨਾਂ ਕਿਹਾ ਕਿ ਦੁਨੀਆਂ ਭਰ ਦੀਆਂ ਮਲਟੀ ਨੈਸ਼ਨਲ ਕੰਪਨੀਆਂ ਜੋ ਦੁਨੀਆ ਦੇ ਤਕਰੀਬਨ 75% ਜਮੀਨ ਉੱਤੇ ਕਾਬਜ ਹਨ, ਨਾਲ ਦੇਸ਼ ਦੇ ਗਰੀਬ ਕਿਸਾਨ ਦਾ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਉਨਾਂ ਕਿਹਾ ਕਿ ਸੱਤਾਧਿਰ ਵਿੱਚ ਬੈਠੀ ਹਕੂਮਤ ਨੂੰ ਇਹ ਸਮਝੌਤਾ ਲਾਗੂ ਕਰਨ ਤੋਂ ਪਹਿਲਾਂ ਅਮਰੀਕਾ ਵਰਗੇ ਸਾਮਰਾਜੀ ਮੁਲਕਾਂ ਦੀ ਹਾਸੀਏ ਤੇ ਧੱਕੀ ਕਿਸਾਨੀ ਵੱਲ ਝਾਤ ਮਾਰ ਲੈਣੀ ਚਾਹੀਦੀ ਹੈ। ਸੂਬਾ ਆਗੂ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਇੰਡੋ ਅਮਰੀਕਾ ਵਪਾਰਕ ਸਮਝੌਤਾ ਅਸਲ ਵਿੱਚ ਖੇਤੀ, ਡੇਅਰੀ ਆਦਿ ਲਈ ਉਜਾੜੇ ਦਾ ਇਕ ਰਾਹ ਹੈ। ਇਸ ਲਈ ਸੰਘਰਸ਼ ਕਰਨਾ ਜਥੇਬੰਦੀਆਂ ਦਾ ਮੁਢਲਾ ਕਾਰਜ ਹੈ। ਉਹਨਾਂ ਕਿਹਾ ਕਿ ਦੇਸ਼ ਦੇ ਹਰ ਵਰਗ ਕਿਸਾਨ, ਮਜ਼ਦੂਰ, ਦੁਕਾਨਦਾਰ, ਵਪਾਰੀ ਅਤੇ ਮੁਲਾਜ਼ਮ ਵਰਗ ਨੂੰ ਇੱਕ ਪਲੇਟਫਾਰਮ ਉੱਤੇ ਇਕੱਠੇ ਹੋ ਕੇ ਵੱਡੇ ਸੰਘਰਸ਼ ਨੂੰ ਖੜਾ ਕਰਨਾ ਮੌਜੂਦਾ ਸਮੇਂ ਦੀ ਅਨਸਰਦੀ ਲੋੜ ਹੈ। ਇਸ ਮੌਕੇ ਤਾਰਾ ਚੰਦ ਬਰੇਟਾ ਵੱਲੋਂ ਸਟੇਜ ਦੀ ਕਾਰਵਾਈ ਸੰਭਾਲੀ ਗਈ। ਮੀਟਿੰਗ ਵਿੱਚ ਜਿਲਾ ਮੀਤ ਪ੍ਰਧਾਨ ਜਗਦੇਵ ਸਿੰਘ ਕੋਟਲੀ, ਬਲਕਾਰ ਸਿੰਘ, ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ ਵਰੇ, ਹਰਬੰਸ ਸਿੰਘ ਟਾਂਡੀਆਂ, ਗੁਰਚਰਨ ਸਿੰਘ ਅਲੀਸ਼ੇਰ ਸਮੇਤ ਵੱਡੀ ਗਿਣਤੀ ਵਿੱਚ ਲੋਕ ਸ਼ਾਮਿਲ ਰਹੇ।

ਸਰਕਾਰੀ ਕਾਲਜ ਲੜਕੀਆਂ, ਮਾਲੇਰਕੋਟਲਾ ਵੱਲੋਂ ਕਸੌਲੀ ਵਿਖੇ ਇੱਕ ਰੋਜਾ ਟੂਰ ਆਯੋਜਿਤ ਕੀਤਾ ਗਿਆ

ਮਾਲੇਰਕੋਟਲਾ 17 ਫਰਵਰੀ (ਸ਼ਰਮਾ) ਪ੍ਰਿੰਸੀਪਲ ਡਾ. ਅਨੀਲਾ ਸੁਲਤਾਨਾ ਜੀ ਦੀ ਗਤੀਸ਼ੀਲ ਅਗਵਾਈ ਹੇਠ ਸਥਾਨਕ ਸਰਕਾਰੀ ਕਾਲਜ ਲੜਕੀਆਂ, ਮਾਲੇਰਕੋਟਲਾ ਵੱਲੋਂ ਕਸੌਲੀ ਵਿਖੇ ਇੱਕ ਰੋਜਾ ਟੂਰ ਆਯੋਜਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵਾਈਸ ਪ੍ਰਿੰਸੀਪਲ ਪ੍ਰੋ

ਪੀਐਸਈਬੀ ਜੁਇੰਟ ਫੋਰਮ ਏਕਤਾ ਮੰਚ ਐਸੋਸੀਏਸ਼ਨ ਆਫ ਜੇਈ ਐਂਡ ਟੀਐਸਯੂ ਭੰਗਲ ਵੱਲੋਂ ਰੋਸ ਰੈਲੀ

ਗਿੱਦੜਬਾਹਾ, 17 ਫਰਵਰੀ (ਕੁਲਭੂਸ਼ਨ ਗਰਗ) - ਪੀਐਸਈਬੀ ਜੁਇੰਟ ਫੋਰਮ ਏਕਤਾ ਮੰਚ ਐਸੋਸੀਏਸ਼ਨ ਆਫ ਜੇਈ ਐਂਡ ਟੀਐਸਯੂ ਭੰਗਲ ਦੇ ਸੱਦੇ ਤੇ ਸੀਡ ਪਿੰਡ ਦੋਦਾ ਦੇ ਕਰਮਚਾਰੀਆਂ ਵੱਲੋਂ ਮੇਨ ਗੇਟ ਅੱਗੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਆਪਣੇ ਸੰਬੋਧਨ ਵਿਚ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿੱਚ ਪਾਵਰਕਾਮ ਦੀ 50 ਏਕੜ ਬੇਸ਼ਕੀਮਤੀ ਜਮੀਨ ਪੁੱਡਾ ਨੂੰ ਕੌਡੀਆ ਦੇ ਭਾਅ ਵੇਚ ਦਿੱਤੀ ਗਈ ਹੈ, ਜਿਸ ਕਾਰਨ ਮੁਲਾਜ਼ਮਾਂ ਵਿੱਚ ਕਾਫੀ ਰੋਸ਼ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿੱਤੀ ਤੌਰ ਤੇ ਦਿਵਾਲੀਆ ਹੋ ਚੁੱਕੀ ਹੈ ਅਤੇ ਸਰਕਾਰ ਵੱਲੋਂ ਆਪਣੇ ਘਰ ਭਰਨ ਲਈ ਕਰਜ਼ਾ ਦਰ ਕਰਜ਼ਾ ਚੁੱਕਿਆ ਜਾ ਰਿਹਾ ਹੈ ਅਤੇ ਹੁਣ ਕਿਸੇ ਪਾਸੋਂ ਹੱਥ ਨਾ ਅੜਨ ਕਾਰਨ ਸਰਕਾਰੀ ਜਮੀਨਾਂ ਤੇ ਅੱਖ ਰੱਖੀ ਹੋਈ ਹੈ। ਉਨ੍ਹਾਂ ਕਿਹਾ ਕਿ ਇਸੇ ਤਹਿਤ ਸਰਕਾਰ ਵੱਲੋਂ ਪਟਿਆਲਾ ਦੀ 50 ਏਕੜ ਜਮੀਨ ਪੁੱਡਾ ਨੂੰ ਤਬਦੀਲ ਕਰ ਦਿੱਤੀ ਗਈ ਹੈ। ਆਗੂਆਂ ਨੇ ਕਿਹਾ ਕਿ ਪਾਵਰਕਾਮ ਨੂੰ ਦਾਨੀ ਸੱਜਣਾ ਵੱਲੋਂ ਦਾਨ ਕੀਤੀਆਂ ਅਤੇ ਪੰਜਾਬ ਦੇ ਲੋਕਾਂ ਦੇ ਪੈਸੇ ਨਾਲ ਖਰੀਦੀਆਂ ਜਾਇਦਾਦਾਂ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਲੁਟਾਉਣ ਨਹੀਂ ਦਿੱਤੀਆਂ ਜਾਣਗੀਆਂ। ਇਸ ਮੌਕੇ ਬੁਲਾਰਿਆਂ ਨੇ ਨਿੱਜੀਕਰਨ ਤੇ ਬਿਜਲੀ ਸੋਧ ਬਿੱਲ 2025, ਬੀਜ ਸੋਧ ਬਿੱਲ, ਜਮੀਨਾਂ ਵੇਚਣ ਦੇ ਫੈਸਲੇ, ਚਾਰ ਲੇਬਰ ਕੋਡ ਕਨੂੰਨਾਂ ਦਾ ਵਿਰੋਧ ਕੀਤਾ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਮਹਿਕਮੇ ਵਿੱਚ ਮਰਜ ਕਰਨ, ਡੀਏ ਦੀਆਂ ਕਿਸ਼ਤਾਂ ਅਤੇ 16 ਫੀਸਦੀ ਡੀਏ ਦੀ ਮੰਗ, ਕੰਟਰੈਕਟ ਵਾਲੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਮੰਗ ਵੀ ਕੀਤੀ। ਇਸ ਮੌਕੇ ਦਰਸ਼ਨ ਸਿੰਘ ਟੀਐਸਯੂ ਭੰਗਲ, ਗਗਨਦੀਪ ਦੋਦਾ, ਦਲਜੀਤ ਸਿੰਘ, ਧਰਮਿੰਦਰ ਸਿੰਘ, ਮਨਜਿੰਦਰ ਸਿੰਘ ਅਤੇ ਕਰਮਜੀਤ ਸਿੰਘ ਆਦਿ ਵੀ ਹਾਜ਼ਰ ਸਨ।

ਦਿਨ ਦਿਹਾੜੇ ਬਜੁਰਗ ਔਰਤ ਦੇ ਕੰਨ ਦੀ ਵਾਲੀ ਖੋਹ ਕੇ ਲੁਟੇਰੇ ਹੋਏ ਫਰਾਰ

ਸਮਰਾਲਾ,17 ਫਰਵਰੀ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)- ਬੀਤੇ ਦਿਨੀਂ ਇੱਕ ਬਜੁਰਗ ਔਰਤ ਦੇ ਕੰਨ ਦੀ ਵਾਲੀ ਖੋਹ ਕੇ ਅਣਪਛਾਤੇ ਲੁਟੇਰੇ ਫਰਾਰ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਾਪਤ ਜਾਣਕਾਰੀ ਮੁਤਾਬਿਕ ਸਥਾਨਕ ਸਾਹਿਬਜਾਦਾ ਜੁਝਾਰ ਸਿੰਘ ਨਗਰ ਵਿਖੇ ਇੱਕ ਬਜੁਰਗ ਔਰਤ ਦਰਸ਼ਨਾ ਰਾਣੀ ਨੇ ਦੱਸਿਆ ਹੈ ਕਿ ਉਹ ਆਪਣੇ ਘਰ ਦੇ ਕੋਲ ਦੁਕਾਨ ਦੇ ਬਾਹਰ ਬੈਠੀ ਹੋਈ ਸੀ ਤਾਂ ਮੋਟਰਸਾਈਕਲ ਤੇ ਸਵਾਰ ਦੋ ਅਣਪਛਾਤੇ ਲੁਟੇਰੇ ਉਸ ਕੋਲ ਆਏ ਅਤੇ ਉਸ ਦੇ ਕੰਨ ਵਿਚ ਪਾਈ ਸੋਨੇ ਦੀ ਵਾਲੀ ਖੋਹ ਕੇ ਫਰਾਰ ਹੋ ਗਏ। ਰੌਲਾ ਪੈਣ ਤੇ ਉਥੇ ਖੜੇ ਲੋਕਾਂ ਨੇ ਲੁਟੇਰਿਆਂ ਦਾ ਪਿੱਛਾ ਕੀਤਾ ਪਰ ਉਹ ਬੜੀ ਤੇਜ਼ੀ ਨਾਲ ਫਰਾਰ ਹੋਣ ਵਿਚ ਸਫਲ ਹੋ ਗਏ। ਉਥੇ ਲੱਗੇ ਸੀਸੀਟੀਵੀ ਕੈਮਰਿਆਂ ਵਿਚ ਪੂਰੀ ਘਟਨਾ ਕੈਦ ਹੋ ਗਈ। ਇਸ ਦੀ ਸੂਚਨਾ ਸਥਾਨਕ ਪੁਲਿਸ ਨੂੰ ਦੇ ਦਿੱਤੀ। ਪੁਲਿਸ ਨੇ ਮੌਕੇ ਤੇ ਪਹੁੰਚ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਪੁਲਿਸ ਵੱਲੋਂ ਲੁਟੇਰਿਆਂ ਨੂੰ ਜਲਦੀ ਹੀ ਕਾਬੂ ਕਰ ਲਿਆ ਜਾਵੇਗਾ।

ਮਾਛੀਵਾੜਾ ਦੇ ਸਕੂਲਾਂ ਵਿੱਚ ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋਂ ਅਚਾਨਕ ਚੈਕਿੰਗ

ਮਾਛੀਵਾੜਾ,17 ਫਰਵਰੀ (ਮਾਸਟਰ ਸਤੀਸ਼ ਕੁਮਾਰ) ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਅੱਜ ਮਾਛੀਵਾੜਾ ਇਲਾਕੇ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦੀ ਅਚਾਨਕ ਚੈਕਿੰਗ ਕੀਤੀ ਗਈ। ਇਸ ਮੌਕੇ ਮੰਤਰੀ ਨੇ ਕਿਹਾ ਕਿ ਮਾਛੀਵਾੜਾ ਤੋਂ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ ਅਤੇ ਮੀਡੀਆ ਵੱਲੋਂ ਵੀ ਇਸ ਮਾਮਲੇ ਨੂੰ ਉਭਾਰਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਕਈ ਮਾਪਿਆਂ ਵੱਲੋਂ ਵੀ ਸਕੂਲਾਂ ਦੀ ਜਾਂਚ ਕਰਨ ਦੀ ਮੰਗ ਕੀਤੀ ਗਈ ਸੀ, ਜਿਸ ਕਰਕੇ ਅੱਜ ਉਹ ਖੁਦ ਹਾਲਾਤਾਂ ਦਾ ਜਾਇਜ਼ਾ ਲੈਣ ਲਈ ਸਕੂਲਾਂ ਵਿੱਚ ਪਹੁੰਚੇ। ਮੰਤਰੀ ਬੈਂਸ ਨੇ ਕਿਹਾ ਕਿ ਕਈ ਸਕੂਲਾਂ ਵਿੱਚ ਇਨਫਰਾਸਟਰਕਚਰ ਪੱਖੋਂ ਚੰਗਾ ਕੰਮ ਹੋਇਆ ਹੈ, ਪਰ ਕੁਝ ਹੋਰ ਸੁਧਾਰਾਂ ਦੀ ਲੋੜ ਹੈ, ਜਿਨ੍ਹਾਂ ਨੂੰ ਨੋਟ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੁਝ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਵੀ ਸਾਹਮਣੇ ਆਈ ਹੈ। ਬੇਟ ਇਲਾਕਾ ਹੋਣ ਕਾਰਨ ਅਧਿਆਪਕ ਇੱਥੇ ਟਿਕਦੇ ਨਹੀਂ ਅਤੇ ਟਰਾਂਸਫਰ ਕਰਵਾ ਲੈਂਦੇ ਹਨ, ਪਰ ਇਸ ਸਮੱਸਿਆ ਦਾ ਹੱਲ ਵੀ ਜਲਦ ਕੀਤਾ ਜਾਵੇਗਾ। ਉਨ੍ਹਾਂ ਮਾਛੀਵਾੜਾ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਕੂਲਾਂ ਵਿੱਚ ਗੁਣਾਤਮਕ ਸੁਧਾਰ ਜਲਦੀ ਨਜ਼ਰ ਆਉਣਗੇ। ਚੈਕਿੰਗ ਦੌਰਾਨ ਇੱਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਇਹ ਗੱਲ ਸਾਹਮਣੇ ਆਈ ਕਿ ਇੱਕ ਪ੍ਰਾਇਮਰੀ ਸਕੂਲ ਦੇ ਕਈ ਬੱਚੇ ਪੜ੍ਹ ਨਹੀਂ ਪਾ ਰਹੇ। ਮੰਤਰੀ ਨੇ ਕਿਹਾ ਕਿ ਉੱਥੇ ਤਿੰਨ ਅਧਿਆਪਕਾਂ ਦੇ ਨਾਲ ਇੱਕ ਪੀ.ਟੀ.ਆਈ. ਟੀਚਰ ਵੀ ਮੌਜੂਦ ਸੀ, ਫਿਰ ਵੀ ਬੱਚਿਆਂ ਦੀ ਪੜ੍ਹਾਈ ਦਾ ਦਰਜਾ ਠੀਕ ਨਹੀਂ ਸੀ। ਉਨ੍ਹਾਂ ਕਿਹਾ ਕਿ ਸਰਕਾਰ ਕੋਲ ਹਰ ਵਿਸ਼ੇ ਦੇ ਅਧਿਆਪਕ ਮੌਜੂਦ ਹਨ, ਫਿਰ ਵੀ ਜੇ ਬੱਚੇ ਪੜ੍ਹ ਨਹੀਂ ਰਹੇ ਤਾਂ ਜਵਾਬਦੇਹੀ ਤੈਅ ਹੋਵੇਗੀ। ਇੱਥੇ ਹਾਲਾਤ ਚਿੰਤਾਜਨਕ ਮਿਲੇ ਅਤੇ 27 ਬੱਚਿਆਂ ਵਿੱਚੋਂ 18 ਬੱਚੇ ਪੜ੍ਹ ਨਹੀਂ ਸਕਦੇ ਸਨ। ਇਸ ਮਾਮਲੇ ਵਿੱਚ ਸੰਬੰਧਿਤ ਅਧਿਆਪਕਾਂ ਅਤੇ ਇੰਸਪੈਕਸ਼ਨ ਟੀਮਾਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ। ਮੰਤਰੀ ਬੈਂਸ ਨੇ ਹੋਰ ਦੱਸਿਆ ਕਿ ਮਾਛੀਵਾੜਾ ਸਾਹਿਬ ਦੇ ਸਰਕਾਰੀ ਸ਼ੰਕਰ ਦਾਸ ਸੀਨੀਅਰ ਸੈਕੰਡਰੀ ਸਕੂਲ ਵਿੱਚ ਕਰੀਬ 900 ਬੱਚਿਆਂ ਲਈ 26 ਅਧਿਆਪਕ ਮੌਜੂਦ ਹਨ ਅਤੇ ਸਿਰਫ ਲੈਕਚਰਾਰ ਕੇਡਰ ਦੀ ਘਾਟ ਹੈ। ਇਸ ਸਮੱਸਿਆ ਦਾ ਤੁਰੰਤ ਹੱਲ ਕਰਦੇ ਹੋਏ ਸਕੂਲ ਵਿੱਚ ਇੰਟਰੈਕਟਿਵ ਪੈਨਲ ਲਗਾਏ ਜਾਣਗੇ ਅਤੇ 7 ਤੋਂ 10 ਦਿਨਾਂ ਵਿੱਚ ਆਨਲਾਈਨ ਕਲਾਸਾਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਸ ਸਮੇਂ ਮਾਣਯੋਗ ਸੁਪਰੀਮ ਕੋਰਟ ਵੱਲੋਂ 4,500 ਪ੍ਰਮੋਸ਼ਨਾਂ 'ਤੇ ਰੋਕ ਲੱਗੀ ਹੋਈ ਹੈ, ਜਿਸ ਦਾ ਹੱਲ ਵੀ ਸਰਕਾਰ ਕਰ ਰਹੀ ਹੈ। ਨਾਲ ਹੀ ਨਵੀਂ ਭਰਤੀ ਵੀ ਜਲਦ ਆ ਰਹੀ ਹੈ ਅਤੇ ਭਰਤੀ ਦੀ ਸ਼ਰਤ ਹੋਵੇਗੀ ਕਿ ਨਵੇਂ ਅਧਿਆਪਕ ਰੂਰਲ ਅਤੇ ਦੂਰ-ਦਰਾਜ਼ ਸਕੂਲਾਂ ਵਿੱਚ ਹੀ ਸੇਵਾ ਨਿਭਾਉਣਗੇ। ਅੰਤ ਵਿੱਚ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਮਾਛੀਵਾੜਾ ਸਾਹਿਬ ਸਮੇਤ ਪਿੰਡਾਂ ਦੇ ਸਕੂਲਾਂ ਵਿੱਚ ਜਲਦੀ ਵੱਡੇ ਸੁਧਾਰ ਕੀਤੇ ਜਾਣਗੇ।

ਵਿਧਾਇਕ ਬਲਕਾਰ ਸਿੱਧੂ ਨੇ ਅੱਧੀ ਦਰਜਨ ਸੜਕਾਂ ਦੇ ਨਵੀਨੀਕਰਨ ਦੇ ਨੀਂਹ ਪੱਥਰ ਰੱਖੇ

ਨਵੀਨੀਕਰਨ 'ਤੇ 8 ਕਰੋੜ ਦੀ ਆਵੇਗੀ ਲਾਗਤ: ਵਿਧਾਇਕ ਬਲਕਾਰ ਸਿੱਧੂ

ਭਗਤਾ ਭਾਈ, 17 ਫਰਵਰੀ (ਰਾਜਿੰਦਰ ਸਿੰਘ ਮਰਾਹੜ)- ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਅੱਜ ਹਲਕੇ ਦੀਆਂ ਅੱਧੀ ਦਰਜਨ ਸੜਕਾਂ ਦੇ ਨਵੀਨੀਕਰਨ ਦੇ ਨੀਂਹ ਪੱਥਰ ਰੱਖੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਲਕਾ ਰਾਮਪੁਰਾ ਫੂਲ ਦੀਆਂ ਸੜਕਾਂ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ 101 ਲੱਖ ਰੁਪਏ ਦੀ ਲਾਗਤ ਨਾਲ ਬਰਨਾਲਾ-ਬਾਜਾਖਾਨਾ ਤੋਂ ਕੋਠਾ ਗੁਰੂ ਸੜਕ, 24 ਲੱਖ ਦੀ ਲਾਗਤ ਨਾਲ ਕੋਠਾ ਗੁਰੂ ਤੋਂ ਬੁਰਜ ਥਰੋੜ ਸੜਕ, 113 ਲੱਖ ਰੁਪਏ ਦੀ ਲਾਗਤ ਨਾਲ ਦਿਆਲਪੁਰਾ ਮਿਰਜ਼ਾ ਤੋਂ ਗੁੰਮਟੀ ਕਲਾਂ ਸੜਕ, 3 ਕਰੋੜ ਦੀ ਲਾਗਤ ਨਾਲ ਭਗਤਾ ਭਾਈ ਤੋਂ ਰੌਂਤਾ ਸੜਕ, 34.78 ਲੱਖ ਦੀ ਲਾਗਤ ਨਾਲ ਭੋਡੀਪੁਰਾ ਤੋਂ ਪੱਖਰਵੱਡ ਤੇ 227 ਲੱਖ ਰੁਪਏ ਦੀ ਲਾਗਤ ਨਾਲ ਗੁੰਮਟੀ ਕਲਾਂ ਤੋਂ ਛੰਨਾ ਗੁਲਾਬ ਸਿੰਘ ਵਾਲਾ ਸੜਕ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਵਿਧਾਇਕ ਸਿੱਧੂ ਨੇ ਪਿੰਡ ਭੋਡੀਪੁਰਾ ਵਿੱਚ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹਸਪਤਾਲ ਦਾ ਨੀਂਹ ਪੱਥਰ ਵੀ ਰੱਖਿਆ ਗਿਆ ਹੈ। ਵਿਧਾਇਕ ਨੇ ਆਪ ਸਰਕਾਰ ਦੀਆਂ ਵੱਡੀਆਂ ਪ੍ਰਾਪਤੀਆਂ 'ਤੇ ਵੀ ਚਾਨਣਾ ਪਾਇਆ ਅਤੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਜਾਰੀ ਹੈ। ਸਰਕਾਰ ਨੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਹਜ਼ਾਰਾਂ ਗ੍ਰਿਫਤਾਰੀਆਂ ਕੀਤੀਆਂ ਹਨ, ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਡੇ ਅਭਿਆਨ ਚਲਾਏ ਜਾ ਰਹੇ ਹਨ। ਇਸ ਨਾਲ ਨੌਜਵਾਨਾਂ ਨੂੰ ਨਸ਼ੇ ਦੀ ਲਤ ਤੋਂ ਬਚਾਉਣ ਅਤੇ ਪੰਜਾਬ ਨੂੰ ਰੰਗਲਾ ਤੇ ਨਸ਼ਾ ਮੁਕਤ ਬਣਾਉਣ ਵੱਲ ਮਹੱਤਵਪੂਰਨ ਕਦਮ ਵਧ ਰਹੇ ਹਨ। ਇਸ ਮੌਕੇ ਮਾਰਕੀਟ ਕਮੇਟੀ ਭਗਤਾ ਭਾਈ ਦੇ ਚੇਅਰਮੈਨ ਬੇਅੰਤ ਸਿੰਘ ਸਲਾਬਤਪੁਰਾ, ਨਗਰ ਪੰਚਾਇਤ ਕੋਠਾ ਗੁਰੂ ਦੇ ਪ੍ਰਧਾਨ ਬੂਟਾ ਸਿੰਘ ਢਿੱਲੋਂ, ਸਰਪੰਚ ਪਾਲਾ ਸਿੰਘ ਢਿੱਲੋਂ, ਸਰਪੰਚ ਹਰਪ੍ਰੀਤ ਸਿੰਘ ਭੋਡੀਪੁਰਾ ਆਦਿ ਹਾਜ਼ਰ ਸਨ।

ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਿਲਵਾਂ 'ਚ ਅੰਤਰ ਸਕੂਲ ਇੱਕ ਰੋਜ਼ਾ ਐਥਲੈਟਿਕਸ ਮੀਟ ਸ਼ਾਨਦਾਰ ਢੰਗ ਨਾਲ ਸੰਪੰਨ

ਤਪਾ ਮੰਡੀ,17 ਫਰਵਰੀ(ਬੰਟੀ ਦੀਕਸ਼ਿਤ)-ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਿਲਵਾਂ ਵਿਖੇ ਅੰਤਰ ਸਕੂਲ ਇੱਕ ਰੋਜ਼ਾ ਐਥਲੈਟਿਕਸ ਮੀਟ ਬੜੇ ਹੀ ਉਤਸ਼ਾਹ ਅਤੇ ਜੋਸ਼ ਨਾਲ ਕਰਵਾਈ ਗਈ। ਇਸ ਖੇਡ ਮੇਲੇ ਵਿੱਚ ਸਕੂਲ ਦੇ ਲਗਭਗ 150 ਵਿਦਿਆਰਥੀਆਂ ਨੇ ਭਾਗ ਲਿਆ।ਸਕੂਲ ਪ੍ਰਾਂਗਣ ਖੇਡ ਪ੍ਰੇਮੀਆਂ ਅਤੇ ਵਿਦਿਆਰਥੀਆਂ ਦੀਆਂ ਤਾਲੀਆਂ ਨਾਲ ਗੂੰਜਦਾ ਰਿਹਾ।ਇਸ ਮੀਟ ਦਾ ਉਦਘਾਟਨ ਪੋਸਟ ਚੌਕੀ ਤਪਾ ਦੇ ਇੰਚਾਰਜ ਬਲਜੀਤ ਸਿੰਘ ਢਿਲੋਂ ਮੁਖ ਮਹਿਮਾਨ ਵਜੋਂ ਹਾਜ਼ਰ ਹੋਏ। ਉਨ੍ਹਾਂ ਨੇ ਗੁਰਦੁਆਰਾ ਪਾਤਸ਼ਾਹੀਂ ਨੌਵੀ ਤੋਂ ਲਿਆਂਦੀ ਸ਼ਾਂਤੀ ਦਾ ਪ੍ਰਤੀਕ ਮਸ਼ਾਲ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਖੇਡਾਂ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ ਅਤੇ ਟੀਮ ਸਪੀਰਿਟ ਵੀ ਸਿਖਾਉਂਦੀਆਂ ਹਨ।ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਮੀਟ ਵਿੱਚ 100ਮੀਟਰ,200 ਮੀਟਰ, 400 ਮੀਟਰ, 600 ਮੀਟਰ ਅਤੇ 800 ਮੀਟਰ ਦੌੜਾਂ ਦੇ ਨਾਲ-ਨਾਲ ਲੰਬੀ ਦੌੜ, ਉਚੀ ਦੌੜ ਅਤੇ ਡਿਸਕਸ ਥਰੋ ਵਰਗੇ ਰੋਮਾਂਚਕ ਮੁਕਾਬਲੇ ਕਰਵਾਏ ਗਏ।ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਖੇਡ ਭਾਵਨਾ ਨਾਲ ਆਪਣਾ ਪ੍ਰਦਰਸ਼ਨ ਦਿਖਾਇਆ। ਹਰ ਮੁਕਾਬਲੇ ਵਿੱਚ ਟੱਕਰ ਕਾਫ਼ੀ ਕੜੀ ਰਹੀ ਅਤੇ ਦਰਸ਼ਕਾਂ ਨੇ ਖਿਡਾਰੀਆਂ ਦਾ ਹੌਸਲਾ ਵਧਾਇਆ।

ਮੁਕਾਬਲਿਆਂ ਦੇ ਅੰਤ ਵਿੱਚ ਮੁਖ ਮਹਿਮਾਨ ਪੁਲਸ ਚੌਕੀ ਤਪਾ ਦੇ ਇੰਚਾਰਜ ਬਲਜੀਤ ਸਿੰਘ ਢਿਲੋਂ ਵੱਲੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ ਗਿਆ,ਜਿਸ ਦਾ ਸਹਿਯੋਗ ਚੇਅਰਮੈਨ ਮੀਨੂ ਬਾਲਾ,ਐਮ.ਡੀ.ਨਵਦੀਪ ਗੁਪਤਾ,ਪ੍ਰਿੰਸੀਪਲ ਜਗਦੀਪ ਸਿੰਘ,ਕਾਂਸਟੇਬਲ ਗੁਰਜੀਤ ਸਿੰਘ ਅਤੇ ਮਨੀਸ਼ਾ ਰਾਣੀ ਨੇ ਦਿੱਤਾ। ਇਸ ਤੋਂ ਇਲਾਵਾ ਸੂਬਾ ਪੱਧਰੀ ਖੇਡਾਂ ਵਿੱਚ ਪੋਜੀਸ਼ਨ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਦਿੱਤਾ ਗਿਆ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਖੇਡ ਸਮਾਗਮ ਕਰਵਾਏ ਜਾਂਦੇ ਰਹਿਣਗੇ ਤਾਂ ਜੋ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲ ਸਕੇ।ਇਹ ਅੰਤਰ ਸਕੂਲ ਐਥਲੈਟਿਕਸ ਮੀਟ ਵਿਦਿਆਰਥੀਆਂ ਲਈ ਪ੍ਰੇਰਣਾ ਸਰੂਪ ਸਾਬਤ ਹੋਈ ਅਤੇ ਖੇਡ ਮਾਹੌਲ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਫਲ ਰਹੀ।ਇਸ ਮੌਕੇ ਸੰਦੀਪ ਕੌਰ,ਪ੍ਰਵੀਨ ਕੌਰ,ਮਨੀਸ਼ਾ ਰਾਣੀ,ਚਰਨਪਾਲ ਸਿੰਗ,ਗੁਰਦੀਪ ਸਿੰਘ ਡੀ.ਪੀ.ਈ,ਕੋਚ ਕੇਵਲ ਸਿੰਘ,ਕੋਚ ਰਾਜਿੰਦਰ ਸਿੰਘ ਆਦਿ ਸਮੂਹ ਸਟਾਫ ਹਾਜਰ ਸਨ।

ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ੍ਰੀ ਮੁਕਤਸਰ ਸਾਹਿਬ ਵੱਲੋਂ ਕੀਤਾ ਗਿਆ ਜ਼ਿਲ੍ਹਾ ਜੇਲ੍ਹ ਦਾ ਦੌਰਾ

ਸ੍ਰੀ ਮੁਕਤਸਰ ਸਾਹਿਬ, 17 ਫਰਵਰੀ: (ਲੱਕੀ ਚੜ੍ਹੇਵਾਨ)- ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ,